TOURIST VISA USA CANADA
SCHENGEN/ UK AUSTRALIA/ NZ
263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਬੁੱਧਵਾਰ 14 ਮਈ 2025
Email:- lokbani08@gmail.com

ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

R. N. I. Punpun/29016/2008 ✶ ਸਾਲ 16 , ✶ ਅੰਕ : 296 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਰਾਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

## ਕੈਨੇਡਾ: ਪ੍ਰਧਾਨ ਮੰਤਰੀ ਵੱਲੋਂ ਮੰਤਰੀ ਮੰਡਲ ਦਾ ਗਠਨ

ਵੈਨਕੂਵਰ, ਲੋਕ ਬਾਣੀ -ਕੈਨੇਡਾ ਦੀਆਂ ਫੈਡਰਲ ਚੋਣਾਂ ਤੋਂ ਦੋ ਹਫਤੇ ਬਾਅਦ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਆਪਣੇ ਮੰਤਰੀ ਮੰਡਲ ਦਾ ਗਠਨ ਕਰ ਲਿਆ ਹੈ ਜਿਸ ਵਿੱਚ ਸ਼ਾਮਲ ਕੀਤੇ ਮੰਤਰੀਆਂ ਵਿੱਚ ਦੋ ਦਰਜਨ ਨਵੇਂ ਚਿਹਰੇ ਸ਼ਾਮਲ ਕੀਤੇ ਗਏ ਹਨ ਤੇ ਇਸ ਵਿਚ ਔਰਤਾਂ ਅਤੇ ਖੇਤਰੀ ਪ੍ਰਤੀਨਿਧਤਾ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ। ਕਈ ਸਾਲਾਂ ਬਾਅਦ (ਸਾਬਆ ਪ੍ਰਧਾਨ ਮੰਤਰੀ ਸਟੀਵਨ ਹਾਰਪਰ ਤੋਂ ਬਾਅਦ) ਕੁਝ




ਸੰਸਦ ਮੈਂਬਰਾਂ ਨੂੰ ਰਾਜ ਮੰਤਰੀ (ਪ੍ਰਿੰਸੀਪਲ ਸਕੱਤਰ) ਵਜੋਂ ਨਿਵਾਜਿਆ ਗਿਆ ਹੈ।

## ਜੰਮੂ-ਕਸ਼ਮੀਰ ਵਿੱਚ ਤੀਜੀ ਧਿਰ ਦਾ ਦਖਲ ਮਨਜ਼ੂਰ ਨਹੀਂ: ਭਾਰਤ

ਨਵੀਂ ਦਿੱਲੀ ਲੋਕ ਬਾਣੀ-ਭਾਰਤ ਨੇ ਅੱਜ ਜ਼ੋਰ ਦੇ ਕੇ ਕਿਹਾ ਕਿ ਜੰਮੂ-ਕਸ਼ਮੀਰ ਦੇ ਮੁੱਦੇ 'ਤੇ ਕਿਸੀ ਤੀਜੀ ਧਿਰ ਦਾ ਦਖਲ ਮਨਜ਼ੂਰ ਨਹੀਂ ਹੈ। ਇਸ ਮੁੱਦੇ ਨੂੰ ਦੋਵੇਂ ਦੇਸ਼ ਮਿਲ ਕੇ ਹੱਲ ਕਰਨਗੇ। ਭਾਰਤ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਪਾਕਿਸਤਾਨ ਨੂੰ ਪੀਓਕੇ ਖਾਲੀ ਕਰਨਾ ਪਵੇਗਾ ਜਿਸ ਬਾਰੇ ਗੱਲਬਾਤ ਕੀਤੀ ਜਾਵੇਗੀ। ਭਾਰਤ ਨੇ ਅੱਜ ਭਾਰਤ ਪਾਕਿਸਤਾਨ ਦਰਮਿਆਨ ਜੰਗਬੰਦੀ ਤੇ ਕਸ਼ਮੀਰ ਮੁੱਦੇ 'ਤੇ ਸਾਲਸੀ ਬਾਰੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਦਾਅਵਿਆਂ ਨੂੰ



ਰੱਦ ਕਰ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤ ਪਾਕਿ ਦਰਮਿਆਨ ਤਣਾਅ ਦੌਰਾਨ ਅਮਰੀਕਾ ਨਾਲ ਗੱਲਬਾਤ ਹੁੰਦੀ ਰਹੀ ਪਰ ਇਸ ਵਿਚ ਵਪਾਰ ਦਾ ਕੋਈ ਮੁੱਦਾ ਨਹੀਂ ਉਠਿਆ।

## ਭਾਰਤ ਨੇ ਪਾਕਿ ਦੇ ਦਿੱਲੀ ਦੂਤਾਵਾਸ 'ਚ ਕੰਮ ਕਰਨ ਵਾਲੇ ਅਧਿਕਾਰੀ ਨੂੰ ਦੇਸ਼ ਛੱਡਣ ਲਈ ਕਿਹਾ

ਨਵੀਂ ਦਿੱਲੀ, ਲੋਕ ਬਾਣੀ ਭਾਰਤ ਨੇ ਦਿੱਲੀ ਵਿੱਚ ਪਾਕਿ ਹਾਈ ਕਮਿਸ਼ਨ ਵਿੱਚ ਕੰਮ ਕਰਨ ਵਾਲੇ ਪਾਕਿਸਤਾਨੀ ਅਧਿਕਾਰੀ ਨੂੰ ਦੇਸ਼ ਵਿਰੋਧੀ ਗਤੀਵਿਧੀਆਂ ਤੇ ਰੁਤਬੇ ਦੀ ਥਾਂ ਹੋਰ ਕੰਮ ਕਰਨ ਦੇ ਦੋਸ਼ ਹੇਠ ਦੇਸ਼ ਛੱਡਣ ਲਈ ਕਿਹਾ ਹੈ। ਨਵੀਂ ਦਿੱਲੀ ਨੇ ਇਸ ਪਾਕਿਸਤਾਨੀ ਅਧਿਕਾਰੀ ਨੂੰ 24 ਘੰਟਿਆਂ ਦੇ



ਅੰਦਰ ਭਾਰਤ ਛੱਡਣ ਲਈ ਕਿਹਾ ਹੈ।

## ਹਾਈ ਕੋਰਟ ਦੇ ਜੱਜਾਂ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕਰੇਗੀ ਸੁਪਰੀਮ ਕੋਰਟ

ਨਵੀਂ ਦਿੱਲੀ, ਲੋਕ ਬਾਣੀ-ਸੁਪਰੀਮ ਕੋਰਟ ਕੋਲ ਵੱਡੀ ਗਿਣਤੀ ਸ਼ਿਕਾਇਤਾਂ ਪੁੱਜੀਆਂ ਹਨ ਕਿ ਹਾਈ ਕੋਰਟ ਦੇ ਜੱਜ ਕੰਮ ਤੋਂ ਬੇਲੋੜੀ ਬਰੇਕ ਲੈ ਰਹੇ ਹਨ ਜਿਸ ਕਾਰਨ ਲੋਕਾਂ ਦੇ ਕੇਸ ਸਮੇਂ ਸਿਰ ਹੱਲ ਨਹੀਂ ਹੋ ਰਹੇ ਤੇ ਕਈ ਕੇਸਾਂ ਵਿਚ ਫੈਸਲੇ ਰਾਖਵਾਂ ਰੱਖਣ ਦੇ ਬਾਵਜੂਦ ਨਿਆਂ ਨਹੀਂ ਦਿੱਤਾ ਜਾ ਰਿਹਾ ਜਿਸ ਕਾਰਨ ਬਰੀ ਹੋ ਚੁੱਕੇ ਲੋਕਾਂ ਨੂੰ ਵੀ ਜੇਲ੍ਹ ਵਿਚ ਸਮਾਂ ਬਿਤਾਉਣਾ ਪੈ ਰਿਹਾ ਹੈ। ਇਸ ਕਾਰਨ ਦੇਸ਼ ਦੀ ਸਰਵਉਚ ਅਦਾਲਤ ਨੇ ਕਿਹਾ ਕਿ ਉਹ ਹਾਈ ਕੋਰਟ ਦੇ ਜੱਜਾਂ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕਰਨ ਲਈ ਆਡਿਟ



ਕਰਵਾਏਗੀ। ਜਸਟਿਸ ਸੂਰਿਆ ਕਾਂਤ ਅਤੇ ਐੱਨ ਕੋਟੀਸ਼ਵਰ ਸਿੰਘ ਦੇ ਬੈਂਚ ਨੇ ਕਿਹਾ ਕਿ ਸਰਵਉਚ ਅਦਾਲਤ ਨੂੰ ਹਾਈ ਕੋਰਟ ਦੇ ਜੱਜਾਂ ਵਿਰੁੱਧ ਕਈ ਸ਼ਿਕਾਇਤਾਂ ਮਿਲ ਰਹੀਆਂ ਹਨ

## ਰੱਖਿਆ ਮੰਤਰੀ ਰਾਜਨਾਥ ਸਿੰਘ ਵੱਲੋਂ ਸੁਰੱਖਿਆ ਹਾਲਾਤ ਦੀ ਸਮੀਖਿਆ

ਨਵੀਂ ਦਿੱਲੀ, ਲੋਕ ਬਾਣੀ: ੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਸਿਖਰਲੇ ਫੌਜੀ ਅਧਿਕਾਰੀਆਂ ਨਾਲ ਬੈਠਕ ਕਰਕੇ ਸੁਰੱਖਿਆ ਹਾਲਾਤ ਦੀ ਸਮੀਖਿਆ ਕੀਤੀ। ਮੀਟਿੰਗ ਵਿੱਚ ਚੀਫ਼ ਆਫ਼ ਡਿਫੈਂਸ ਸਟਾਫ਼ ਜਨਰਲ ਅਨਿਲ ਚੌਹਾਨ, ਥਲ ਸੈਨਾ ਮੁਖੀ ਜਨਰਲ ਉਪੇਂਦਰ ਦਿਵੇਦੀ, ਜਲ ਸੈਨਾ ਮੁਖੀ ਐਡਮਿਰਲ ਦਿਨੇਸ਼ ਤ੍ਰਿਪਾਠੀ, ਭਾਰਤੀ ਹਵਾਈ ਸੈਨਾ ਦੇ ਉਪ ਮੁਖੀ ਏਅਰ ਮਾਰਸ਼ਲ ਨਰਮਦੇਸ਼ਵਰ ਤਿਵਾੜੀ ਅਤੇ ਰੱਖਿਆ ਸਕੱਤਰ ਆਰ.ਕੇ. ਸਿੰਘ ਸ਼ਾਮਲ ਸਨ। ਇਹ ਬੈਠਕ ਭਾਰਤ ਅਤੇ ਪਾਕਿਸਤਾਨ



ਦੇ ਡਾਇਰੈਕਟਰ ਜਨਰਲ ਆਫ਼ ਮਿਲਟਰੀ ਆਪ੍ਰੇਸ਼ਨਜ਼ (DGMOÓs) ਵੱਲੋਂ ਹੌਟਲਾਈਨ 'ਤੇ ਗੱਲਬਾਤ ਕਰਨ ਤੋਂ ਇਕ ਦਿਨ ਬਾਅਦ ਹੋਈ ਹੈ

## ਜੌੜੇਪੁਲ ਨਹਿਰ ਵਿੱਚ ਕਾਰ ਡਿੱਗਣ ਕਾਰਨ ਚਾਰ ਜਣਿਆਂ ਦੀ ਹੋਈ ਮੌਤ

ਪਾਇਲ, ਲੋਕ ਬਾਣੀ -ਚਾਰ ਜ਼ਿਲ੍ਹਿਆਂ ਦੀ ਹੱਦ 'ਤੇ ਪੈਂਦੇ ਜੌੜੇਪੁਲ ਨਹਿਰ ਵਿੱਚ ਕਾਰ ਡਿੱਗਣ ਕਾਰਨ ਚਾਰ ਵਿਅਕਤੀਆਂ ਦੀ ਮੌਤ ਹੋ ਗਈ ਸੀ ਜਿਸ ਦੀ ਖਬਰ ਮਿਲਦੇ ਹੀ ਇਲਾਕੇ ਵਿੱਚ ਸੋਗ ਫੈਲ ਗਿਆ। ਕਰੀਬ 40 ਘੰਟਿਆਂ ਦੀ ਜੱਦੋ ਜਹਿਦ ਤੋਂ ਬਾਅਦ ਮ੍ਰਿਤਕਾਂ ਦੀਆਂ ਲਾਸ਼ਾਂ ਪੁਲੀਸ ਨੂੰ ਮਿਲੀਆਂ। ਡੀਐੱਸਪੀ ਦਵਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਪਰਿਵਾਰ ਵੱਲੋਂ ਦਰਜ ਕਰਵਾਏ ਬਿਆਨਾਂ ਦੇ ਆਧਾਰ 'ਤੇ 11 ਤੇ 12 ਮਈ ਦੀ ਰਾਤ



ਨੂੰ ਮਾਲੇਰਕੋਟਲਾ ਦੇ ਪਿੰਡ ਸੰਗਾਲਾ, ਰਟੌਲਾ ਨੇੜੇ ਇੱਕ ਟਰੱਕ ਏਜੰਸੀ ਵਿੱਚ ਕੰਮ ਕਰਦੇ ਚਾਰ ਵਿਅਕਤੀਆਂ ਗੋਪਾਲ ਕ੍ਰਿਸ਼ਨ, ਜਤਿੰਦਰ ਕੁਮਾਰ ਚੌਧਰੀ, ਰਾਜਸਥਾਨ ਗਗਨਦੀਪ ਸਿੰਘ ਵਾਸੀ ਘਨੌੜ ਜੱਟਾਂ, ਸੁੱਜਨ ਮਲਿਕ ਨੇ ਕਾਰ ਰਾਹੀਂ ਹਰਿਦੁਆਰ ਜਾਣਾ ਸੀ

## ਮੁੱਖ ਮੰਤਰੀ ਵੱਲੋਂ ਮ੍ਰਿਤਕਾਂ ਦੇ ਵਾਰਸਾਂ ਲਈ 10-10 ਲੱਖ ਰੁਪਏ ਦੇ ਮੁਆਵਜ਼ੇ ਦਾ ਐਲਾਨ

ਅੰਮ੍ਰਿਤਸਰ, ਲੋਕ ਬਾਣੀ -ਮੁੱਖ ਮੰਤਰੀ ਭਗਵੰਤ ਮਾਨ ਅੱਜ ਮਜੀਠਾ ਹਲਕੇ ਦੇ ਪਿੰਡ ਮਰੜੀ ਪੁੱਜੇ ਹਨ ਜਿੱਥੇ ਉਨ੍ਹਾਂ ਨੇ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਮੌਤ ਦੇ ਮੂੰਹ ਪਏ ਲੋਕਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਪੀੜਤ ਪਰਿਵਾਰਾਂ ਨੂੰ ਸਰਕਾਰ ਵੱਲੋਂ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਘਟਨਾ ਵਿੱਚ ਹੋਈਆਂ ਮੌਤਾਂ, ਸਧਾਰਨ ਮੌਤ ਨਹੀਂ ਸਗੋਂ ਕਤਲ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਹਰ



ਮ੍ਰਿਤਕ ਵਿਅਕਤੀ ਦੇ ਪਰਿਵਾਰ ਨੂੰ 10 ਲੱਖ ਰੁਪਏ ਦੀ ਮਾਇਕ ਮਦਦ ਅਤੇ ਉਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ ਦਾ ਖਰਚਾ ਸਰਕਾਰ ਵੱਲੋਂ ਕੀਤਾ ਜਾਵੇਗਾ।

## ਸੜਕ ਹਾਦਸਿਆਂ ਦੇ ਪੀੜਤਾਂ ਲਈ ਨ.ਗਦ ਰਹਿਤ ਯੋਜਨਾ ਸਹੀ ਢੰਗ ਨਾਲ ਲਾਗੂ ਕਰੋ: ਸੁਪਰੀਮ ਕੋਰਟ

ਨਵੀਂ ਦਿੱਲੀ, ਲੋਕ ਬਾਣੀ-ਦੇਸ਼ ਦੀ ਸਰਵਉਚ ਅਦਾਲਤ ਨੇ ਅੱਜ ਕੇਂਦਰ ਨੂੰ ਸੜਕ ਦੁਰਘਟਨਾ ਪੀੜਤਾਂ ਲਈ ਨਗਦ ਰਹਿਤ ਇਲਾਜ ਯੋਜਨਾ ਨੂੰ ਲਾਗੂ ਕਰਨ ਦੇ ਨਿਰਦੇਸ਼ ਦਿੱਤੇ, ਜਿਹੜੇ ਪ੍ਰਤੀ ਵਿਅਕਤੀ ਪ੍ਰਤੀ ਦੁਰਘਟਨਾ ਲਈ ਵੱਧ ਤੋਂ ਵੱਧ 1.5 ਲੱਖ ਰੁਪਏ ਦੀ ਰਕਮ ਦੇ ਹੱਕਦਾਰ ਹੋਣਗੇ। ਜਸਟਿਸ ਅਭੈ ਐਸ ਓਕਾ ਅਤੇ ਉੱਜਲ ਭੂਈਆਂ ਦੇ ਬੈਂਚ ਨੇ ਕੇਂਦਰ ਨੂੰ ਅਗਸਤ 2025 ਦੇ ਅੰਤ ਤੱਕ ਇੱਕ ਹਲਫਨਾਮਾ ਦਾਇਰ ਕਰਨ ਦਾ ਨਿਰਦੇਸ਼ ਦਿੱਤਾ ਜਿਸ ਵਿੱਚ ਯੋਜਨਾ ਦੇ ਲਾਗੂ ਹੋਣ ਬਾਰੇ ਵੇਰਵੇ ਦੇਣ ਲਈ ਕਿਹਾ ਗਿਆ ਹੈ ਜਿਵੇਂ ਇਸ



ਯੋਜਨਾ ਤਹਿਤ ਕਿੰਨੇ ਜਣਿਆਂ ਨੂੰ ਨ.ਗਦ ਰਹਿਤ ਇਲਾਜ ਪ੍ਰਦਾਨ ਕੀਤਾ ਗਿਆ ਹੈ। ਬੈਂਚ ਨੇ ਕਿਹਾ, 'ਅਸੀਂ ਕੇਂਦਰ ਸਰਕਾਰ ਨੂੰ ਨਿਰਦੇਸ਼ ਦਿੰਦੇ ਹਾਂ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਇਹ ਸਕੀਮ ਸਹੀ ਅਰਥਾਂ ਅਤੇ ਭਾਵਨਾ ਨਾਲ ਲਾਗੂ ਕੀਤੀ ਜਾਵੇ।'

## ਮਹਿੰਗਾਈ ਦਰ ਅਪਰੈਲ ਵਿੱਚ ਘੱਟ ਕੇ 3.16 ਫੀਸਦੀ ਹੋਈ

ਨਵੀਂ ਦਿੱਲੀ, ਲੋਕ ਬਾਣੀ-- ਪ੍ਰਚੂਨ ਮਹਿੰਗਾਈ ਦਰ ਅਪਰੈਲ ਵਿੱਚ ਘੱਟ ਕੇ 3.16 ਫੀਸਦੀ ਹੋ ਗਈ ਜੋ ਜੁਲਾਈ 2019 ਤੋਂ ਬਾਅਦ ਸਭ ਤੋਂ ਘੱਟ ਦਰ ਹੈ। ਇਸ ਤੋਂ ਪਹਿਲਾਂ ਮਾਰਚ ਵਿਚ ਮਹਿੰਗਾਈ ਦਰ 3.34 ਫੀਸਦੀ ਹੈ। ਇਸ ਤੋਂ ਪਹਿਲਾਂ ਆਰਬੀਆਈ ਨੇ ਸਾਲ 2025-26 ਵਿੱਚ ਮਹਿੰਗਾਈ ਦਰ 4 ਫੀਸਦੀ ਰਹਿਣ ਦਾ ਅਨੁਮਾਨ ਜਤਾਇਆ ਹਸੀ। ਆਰਬੀਆਈ ਅਨੁਸਾਰ ਪਹਿਲੀ ਤਿਮਾਹੀ ਵਿੱਚ



ਇਹ ਦਰ 3.6 ਪ੍ਰਤੀਸ਼ਤ, ਦੂਜੇ ਵਿਚ 3.9 ਪ੍ਰਤੀਸ਼ਤ, ਤੀਸਰੀ ਵਿਚ 3.8 ਫੀਸਦੀ ਅਤੇ ਚੌਥੀ ਵਿਚ 4.4 ਫੀਸਦੀ ਰਹਿਣ ਦਾ ਅਨੁਮਾਨ ਕੀਤਾ ਗਿਆ ਸੀ।

263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜਰੂਰ ਚੈਕ ਕਰੋ ਫਿਰ ਅਪਲਾਈ ਕਰੋ



ਲੋਕ ਬਾਣੀ
ਰੋਜ਼ਾਨਾ ਲੋਕ ਬਾਣੀ
www.lokbani.com




publisher
chief editor
Aman mehra
Lok bani (News paper)
Lokbani08@gmail.com
www Lokbani.com
Mob 9915594111

Head office :308 sangam complex milap chowk Jalandhar Punjab India 01812211009

## (*ਭਲੀ ਹੋਈ ਤੋਪਾਂ ਨੇ ਮੂੰਹ ਮੋੜੇ*)

ਭਲੀ ਹੋਈ ਤੋਪਾਂ ਨੇ ਮੂੰਹ ਮੋੜੇ,
ਜੋ ਗੱਜਣੀਆਂ ਸੀ ਵਿੱਚ ਅਸਮਾਨ ਪੱਤੋ।
ਸਹਿ ਗਏ ਡਰੋਨ ਆਪਣੇ ਟਿਕਾਣਿਆਂ ਤੇ,
ਜੋ ਮਚਾਈ ਜਾਂਦੇ ਸੀ ਘਸਮਾਣ ਪੱਤੋ।
ਸਾਹ ਸੁੱਖ ਦਾ ਆਇਆ ਸਾਰਿਆਂ ਨੂੰ,
ਜਦ ਹੋਇਆ ਅਮਨ ਅਮਾਨ ਪੱਤੋ।
ਜੀਵਨ ਪਹਿਲਾਂ ਵਰਗਾ ਹੋ ਚੱਲਿਆ,
ਲੋਕ ਲੱਗੇ ਕੰਮੀਂ ਜਾਣ ਪੱਤੋ।
ਉੱਡੇ ਪੰਛੀ ਆਪਣੇ ਆਲ੍ਹਣਿਆਂ ਚੋਂ,
ਲੱਗੀਆਂ ਰੌਣਕਾਂ ਰੁੱਖੀਂ ਆਣ ਪੱਤੋ।
ਚੰਗਾਂ ਹੋਇਆ ਭਲੇ ਵੇਲੇ ਮੱਤ ਆਈ,
ਬਹੁਤਾ ਹੋਇਆ ਨੀਂ ਨੁਕਸਾਨ ਪੱਤੋ।
ਬੰਦ ਹੋ ਗਏ ਸੀ ਬੱਲਬ ਚੁਬਾਰਿਆਂ ਦੇ,
ਬਲੈਕ ਆਊਟ ਦਾ ਨਾਂ, ਸੁੰਨਸਾਨ ਪੱਤੋ।
ਵੱਸਣ ਇੱਧਰ ਭਾਈ ਤੇ ਉੱਧਰ ਭਾਈ,
ਵਸੇ ਇੱਕ ਦੂਜੇ ਦੇ ਵਿੱਚ ਜਾਨ ਪੱਤੋ।

ਹਰਪ੍ਰੀਤ ਪੱਤੋ ਪਿੰਡ ਪੱਤੋ ਹੀਰਾ ਸਿੰਘ ਮੋਗਾ

# ਗਰਮੀਆਂ ਦੀ ਗਰਮੀ ਵਿੱਚ ਹੌਲੀ ਪਾਚਨ ਕਿਰਿਆ

ਵਿਜੈ ਗਰਗ

ਜਿਵੇਂ-ਜਿਵੇਂ ਗਰਮੀ ਵਧਦੀ ਹੈ, ਲੋਕ ਅਕਸਰ ਆਪਣੀ ਪਾਚਨ ਸ਼ਕਤੀ ਕਮਜ਼ੋਰ ਹੋਣ ਦੀ ਸ਼ਿਕਾਇਤ ਕਰਦੇ ਹਨ। ਪੇਟ ਦੀ ਅੱਗ ਦੇ ਹੌਲੀ ਹੋਣ ਦਾ ਮਤਲਬ ਹੈ ਕਿ ਭੋਜਨ ਸਹੀ ਢੰਗ ਨਾਲ ਪਚਦਾ ਨਹੀਂ ਹੈ। ਬਦਹਜ਼ਮੀ ਬਣੀ ਰਹਿੰਦੀ ਹੈ। ਇਸ ਤਰ੍ਹਾਂ, ਸਰੀਰ ਸੁਸਤ ਮਹਿਸੂਸ ਕਰਦਾ ਹੈ ਅਤੇ ਊਰਜਾ ਦੀ ਘਾਟ ਹੁੰਦੀ ਹੈ। ਜ਼ਾਹਿਰ ਹੈ, ਇਸ ਨਾਲ ਰੋਜ਼ਾਨਾ ਦੇ ਕੰਮ ਤੇ ਵੀ ਅਸਰ ਪੈਂਦਾ ਹੈ। ਇਸ ਲਈ, ਇਸ ਮੌਸਮ ਵਿੱਚ ਹਲਕਾ ਭੋਜਨ ਖਾਣ ਅਤੇ ਜ਼ਿਆਦਾ ਤਰਲ ਪਦਾਰਥਾਂ ਦਾ ਸੇਵਨ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ। ਪਰ ਪੇਟ ਦੀ ਅੱਗ ਨੂੰ ਘੱਟ ਕਰਨਾ ਸਿਰਫ਼ ਖਾਣ-ਪੀਣ ਦੀਆਂ ਆਦਤਾਂ ਨਾਲ ਸਬੰਧਤ ਨਹੀਂ ਹੈ। ਇੱਕ ਵਾਰ ਜਦੋਂ ਪਾਚਨ ਪ੍ਰਣਾਲੀ ਕਮਜ਼ੋਰ ਹੋਣ ਲੱਗਦੀ ਹੈ, ਤਾਂ ਇਸਦੇ ਲੰਬੇ ਸਮੇਂ ਦੇ ਪ੍ਰਭਾਵ ਪੈਂਦੇ ਹਨ। ਮੌਸਮ ਬਦਲਣ ਤੋਂ ਬਾਅਦ ਵੀ ਇਹ ਸਹੀ ਢੰਗ ਨਾਲ ਕੰਮ ਨਹੀਂ ਕਰ ਪਾ ਰਿਹਾ। ਅਜਿਹੀ ਸਥਿਤੀ ਵਿੱਚ, ਖੁਰਾਕ ਸੰਬੰਧੀ ਸਾਵਧਾਨੀਆਂ ਵਰਤਣ ਦੇ ਨਾਲ-ਨਾਲ ਕੁਝ ਕਸਰਤ ਵੀ ਕਰਨੀ ਚਾਹੀਦੀ ਹੈ। ਅੱਗ-ਸਾਹ ਲੈਣ ਦੀਆਂ ਕਸਰਤਾਂ ਜਠਰਾਗਨੀ ਦਾ ਅਰਥ ਹੈ ਪੇਟ ਵਿੱਚ ਅੱਗ। ਉਹ ਅੱਗ ਜੋ ਭੋਜਨ ਨੂੰ ਹਜ਼ਮ ਕਰਨ ਲਈ ਜ਼ਰੂਰੀ ਹੈ। ਜੇਕਰ ਉਹੀ ਅੱਗ ਪੇਟ ਵਿੱਚ ਕਮਜ਼ੋਰ ਹੋ ਜਾਵੇ, ਤਾਂ ਭੋਜਨ ਠੀਕ ਤਰ੍ਹਾਂ ਪਚਦਾ ਨਹੀਂ ਅਤੇ ਸੜਦਾ ਰਹਿੰਦਾ ਹੈ। ਇਸ ਨਾਲ ਜ਼ਹਿਰੀਲੇ ਰਸਾਇਣ ਪੈਦਾ ਹੁੰਦੇ ਹਨ, ਐਸਿਡਿਟੀ ਦੀ ਸਮੱਸਿਆ ਹੋਰ ਡੂੰਘੀ ਹੋ ਜਾਂਦੀ ਹੈ ਅਤੇ ਕਈ ਬਿਮਾਰੀਆਂ ਨੂੰ ਜਨਮ ਦਿੰਦੀ ਹੈ। ਅਗਨੀਸਾਰ ਕਸਰਤ ਪੇਟ ਦੀ ਅੱਗ ਨੂੰ ਮਜ਼ਬੂਤ ਕਰਨ ਵਿੱਚ ਬਹੁਤ ਪ੍ਰਭਾਵਸ਼ਾਲੀ ਸਾਬਤ ਹੁੰਦੀ ਹੈ। ਸਵੇਰੇ ਖਾਲੀ ਪੇਟ ਵਜਰਾਸਨ ਵਿੱਚ ਬੈਠੋ। ਦੋਵੇਂ ਲੱਤਾਂ ਮੋੜੋ ਅਤੇ ਉਨ੍ਹਾਂ ਨੂੰ ਪਿੱਛੇ ਲੈ ਜਾਓ। ਆਪਣੀਆਂ ਹਥੇਲੀਆਂ ਨੂੰ ਆਪਣੇ ਗੋਡਿਆਂ ਤੇ ਰੱਖੋ ਅਤੇ ਹਲਕਾ ਜਿਹਾ ਦਬਾਅ ਪਾਓ। ਆਪਣਾ ਪੇਟ ਢਿੱਲਾ ਰੱਖੋ। ਸਾਹ ਰੋਕੋ। ਆਪਣਾ ਢਿੱਡ ਹਿਲਾਓ। ਜਿੰਨਾ ਚਿਰ ਹੋ ਸਕੇ ਆਪਣੇ ਪੇਟ ਨੂੰ ਹਿਲਾਓ ਅਤੇ ਸਾਹ ਰੋਕ ਕੇ ਰੱਖੋ। ਇਸ ਕਸਰਤ ਨੂੰ ਪੰਜ ਤੋਂ ਸੱਤ ਵਾਰ ਕਰੋ। ਇਸ ਤਰ੍ਹਾਂ ਪੇਟ ਦੀ ਅੱਗ ਵਧ ਜਾਂਦੀ ਹੈ। ਤੁਹਾਨੂੰ ਭੁੱਖ ਲੱਗਣ ਲੱਗਦੀ ਹੈ ਅਤੇ ਭੋਜਨ ਪਚਣਾ ਸ਼ੁਰੂ ਹੋ ਜਾਂਦਾ ਹੈ। ਹਲਕਾ ਅਤੇ ਆਸਾਨੀ ਨਾਲ ਪਚਣ ਵਾਲਾ ਭੋਜਨ ਗਰਮੀਆਂ ਦੇ ਮੌਸਮ ਵਿੱਚ, ਪੇਟ ਦੀ ਅੱਗ ਕੁਦਰਤੀ ਤੌਰ ਤੇ ਸੁਸਤ ਹੋ ਜਾਂਦੀ ਹੈ। ਇਸੇ ਕਰਕੇ ਤਲੇ ਹੋਏ ਅਤੇ ਮਸਾਲੇਦਾਰ ਭੋਜਨ ਨੂੰ ਹਜ਼ਮ ਕਰਨ ਵਿੱਚ ਮੁਸ਼ਕਲ ਆਉਂਦੀ ਹੈ। ਇਸ ਲਈ, ਅਜਿਹੇ ਪਕਵਾਨਾਂ ਤੋਂ ਬਚਣਾ ਹੀ ਬਿਹਤਰ ਹੈ। ਹਮੇਸ਼ਾ ਅਜਿਹੇ ਪਕਵਾਨ ਚੁਣੋ ਜੋ ਪਚਣ ਵਿੱਚ ਆਸਾਨ ਹੋਣ ਅਤੇ ਉਨ੍ਹਾਂ ਨੂੰ ਖਾਣ ਨਾਲ ਤੁਹਾਨੂੰ ਭਰਪੂਰ ਊਰਜਾ ਵੀ ਮਿਲਦੀ ਹੈ। ਪੁੰਗਰੇ ਹੋਏ ਦਾਲਾਂ ਅਤੇ ਅਨਾਜਾਂ ਨੂੰ ਭਾਫ਼ ਲੈ ਕੇ ਖਾਣਾ ਬਿਹਤਰ ਹੁੰਦਾ ਹੈ। ਇਸ ਮੌਸਮ ਵਿੱਚ ਦਲੀਆ (ਦਲੀਆ), ਖਿਚੜੀ, ਉਬਲੀਆਂ ਸਬਜ਼ੀਆਂ, ਇਡਲੀ, ਆਦਿ ਵਰਗੇ ਭੁੰਨੇ ਹੋਏ ਭੋਜਨ ਵਧੇਰੇ ਪਚਣਯੋਗ ਅਤੇ ਊਰਜਾ ਨਾਲ ਭਰਪੂਰ ਹੋ ਸਕਦੇ ਹਨ। ਤਰਲ ਪਦਾਰਥ ਪੀਓ: ਬਹੁਤ ਜ਼ਿਆਦਾ ਗਰਮੀ ਅਤੇ ਗਰਮ ਹਵਾ ਦੇ ਕਾਰਨ, ਸਰੀਰ ਦਾ ਪਾਣੀ ਜਲਦੀ ਸੁੱਕ ਜਾਂਦਾ ਹੈ। ਸਰੀਰ ਵਿੱਚ ਪਾਣੀ, ਨਮਕ ਅਤੇ ਖੰਡ ਦੀ ਸੰਤੁਲਿਤ ਮਾਤਰਾ ਹੋਣਾ ਬਹੁਤ ਜ਼ਰੂਰੀ ਹੈ। ਇਸ ਲਈ, ਇਸ ਮੌਸਮ ਵਿੱਚ ਤਰਲ ਪਦਾਰਥਾਂ ਦਾ ਸੇਵਨ ਕਰਨਾ ਵਧੇਰੇ ਉਚਿਤ ਹੈ। ਫਲਾਂ ਦਾ ਰਸ, ਤਰਬੂਜ, ਖਰਬੂਜਾ, ਖੀਰਾ ਇਸ ਵਿੱਚ ਵਧੇਰੇ ਮਦਦਗਾਰ ਹੁੰਦੇ ਹਨ। ਇਸ ਤੋਂ ਇਲਾਵਾ, ਛਾਛ, ਸੱਤੂ ਲੱਸੀ, ਦਲੀਆ – ਛਾਛ, ਸੌਂਫ ਦਾ ਸ਼ਰਬਤ ਸਰੀਰ ਨੂੰ ਡੀਹਾਈਡਰੇਸ਼ਨ ਤੋਂ ਬਚਾਉਂਦਾ ਹੈ ਅਤੇ ਇਸਨੂੰ ਊਰਜਾ ਨਾਲ ਭਰਪੂਰ ਰੱਖਦਾ ਹੈ। ਜਦੋਂ ਵੀ ਤੁਸੀਂ ਬਾਹਰ ਜਾਓ ਅਤੇ ਲੰਬੇ ਸਮੇਂ ਲਈ ਘਰ ਤੋਂ ਬਾਹਰ ਰਹਿਣਾ ਪਵੇ, ਤਾਂ ਹਮੇਸ਼ਾ ਆਪਣੇ ਬੈਗ ਵਿੱਚ ਪਾਣੀ ਦੀ ਬੋਤਲ ਰੱਖੋ। ਜੇ ਸੰਭਵ ਹੋਵੇ, ਤਾਂ ਪਾਣੀ ਵਿੱਚ ਕੁਝ ਕੱਟੇ ਹੋਏ ਖੀਰੇ ਦੇ ਟੁਕੜੇ, ਕੁਝ ਪੁਦੀਨੇ ਦੇ ਪੱਤੇ ਅਤੇ ਇੱਕ ਚੁਟਕੀ ਨਮਕ ਪਾਓ। ਇਸ ਨਾਲ ਸਰੀਰ ਨੂੰ ਬਹੁਤ ਰਾਹਤ ਮਿਲਦੀ ਹੈ ਅਤੇ ਪਾਚਨ ਤੰਤਰ ਨੂੰ ਹੌਲੀ ਹੋਣ ਤੋਂ ਵੀ ਰੋਕਿਆ ਜਾਂਦਾ ਹੈ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਵੀਸ਼ ਮਲੋਟ ਪੰਜਾਬ

# ਮੈਂ ਕਿਵੇਂ ਪੜ੍ਹਾਂ ?

ਵਿਜੇ ਗਰਗ

ਸਾਰੇ ਘਰ ਵਿੱਚ ਮੌਤ ਵਰਗੀ ਚੁੱਪ ਛਾ ਗਈ। ਮਾਂ ਦੇ ਕਮਰੇ ਦੇ ਬਾਹਰ, ਉਦਾਸ ਦਾਈ ਆਪਣਾ ਸਿਰ ਹੱਥਾਂ ਵਿੱਚ ਲੈ ਕੇ ਬੈਠੀ ਹੈ। ਪਿੰਡ ਦੀਆਂ ਔਰਤਾਂ ਮਾਂ ਦੇ ਕੋਲ ਚੁੱਪ-ਚਾਪ ਬੈਠੀਆਂ ਹਨ ਜੋ ਰੋਂਦੇ-ਰੋਂਦੇ ਥੱਕ ਚੁੱਕੀ ਹੈ। ਇਹ ਪਹਿਲੀ ਵਾਰ ਸੀ ਜਦੋਂ ਉਸਨੇ ਆਪਣੇ ਪਿਤਾ ਨੂੰ ਚਿੱਟੇ ਕੱਪੜੇ ਵਿੱਚ ਲਪੇਟੀ ਹੋਈ ਗੁੱਡੀ ਦੀ ਲਾਸ਼ ਨੂੰ ਹੱਥਾਂ ਵਿੱਚ ਫੜ ਕੇ ਰੋਂਦੇ ਹੋਏ ਦੇਖਿਆ... ਸ਼ੁਚੀ! ਅਧਿਆਪਕਾ ਦੀ ਤਿੱਖੀ ਆਵਾਜ਼ ਨੇ ਉਸਦੇ ਮਨ ਵਿੱਚ ਚੱਲ ਰਹੀਆਂ ਘਟਨਾਵਾਂ ਦੀ ਰੀਲ ਨੂੰ ਕੱਟ ਦਿੱਤਾ ਅਤੇ ਉਹ ਕਾਹਲੀ ਨਾਲ ਉੱਠ ਖੜ੍ਹੀ ਹੋ ਗਈ। ਤੁਹਾਡਾ ਧਿਆਨ ਕਿੱਥੇ ਹੈ ? ਮੈਂ ਕੀ ਸਿਖਾ ਰਿਹਾ ਸੀ... ਦੱਸੋ ? ਉਹ ਘਬਰਾ ਗਈ। ਪੂਰੀ ਕਲਾਸ ਵਿੱਚ ਸਾਰੇ ਉਸ ਵੱਲ ਦੇਖ ਰਹੇ ਸਨ। ਬੋਲੋ! ਅਧਿਆਪਕ ਉਸਦੇ ਬਹੁਤ ਨੇੜੇ ਆ ਗਿਆ। ਰੱਬ ਨੇ ਬੱਚਾ ਵਾਪਸ ਲੈ ਲਿਆ...' ਡਰ ਕਾਰਨ ਉਸਦੇ ਮੂੰਹੋਂ ਇਹੀ ਨਿਕਲ ਸਕਿਆ। ਕੁਝ ਬੱਚੇ ਉੱਚੀ-ਉੱਚੀ ਹੱਸਣ ਲੱਗ ਪਏ। ਅਧਿਆਪਕ ਦਾ ਗੁੱਸਾ ਸੱਤਵੇਂ ਅਸਮਾਨ ਤੇ ਪਹੁੰਚ ਗਿਆ। ਬੈਂਚ ਤੇ ਖੜ੍ਹੇ ਹੋ ਜਾਓ! ਉਹ ਚੁੱਪਚਾਪ ਬੈਂਚ ਤੇ ਖੜ੍ਹੀ ਰਹੀ। ਉਸਨੇ ਸੋਚਿਆ... ਉਹ ਸਾਰੇ ਕਿਉਂ ਹੱਸ ਰਹੇ ਹਨ, ਉਸਦੇ ਮਾਪੇ ਰੋ ਪਏ ਸਨ, ਦੁੱਧ ਵਾਲਾ ਅਤੇ ਰਿਕਸ਼ਾ ਵਾਲਾ ਵੀ ਬੱਚੇ ਬਾਰੇ ਸੁਣ ਕੇ ਉਦਾਸ ਹੋ ਗਏ ਸਨ ਅਤੇ ਉਸ ਨਾਲ ਵਾਧੂ ਪਿਆਰ ਨਾਲ ਪੇਸ਼ ਆਏ ਸਨ। ਉਹ ਬਲੈਕਬੋਰਡ ਵੱਲ ਘੂਰ ਰਹੀ ਸੀ, ਜਿੱਥੇ ਉਸਨੂੰ ਇੱਕ ਪਿਆਰਾ ਜਿਹਾ ਬੱਚਾ ਆਪਣੀ ਮਾਂ ਦੇ ਕੋਲ ਪਿਆ ਦਿਖਾਈ ਦੇ ਰਿਹਾ ਸੀ। ਹੱਸਦੇ ਹੋਏ, ਪਿਤਾ ਜੀ ਨੇ ਗੁੱਡੀ ਨੂੰ ਉਸਦੀਆਂ ਨਿੱਕੀਆਂ ਬਾਹਾਂ ਵਿੱਚ ਫੜਾ ਦਿੱਤਾ। ਉਹ ਕਿੰਨੀ ਖੁਸ਼ ਸੀ! ਦੋ ਅਤੇ ਪੰਜ – ਇਹ ਕੀ ਹੈ ? ਅਧਿਆਪਕ ਬੱਚਿਆਂ ਨੂੰ ਪੁੱਛ ਰਿਹਾ ਸੀ। ਸ਼ੁਚੀ ਨੂੰ ਟੀਚਰ ਦੀਦੀ ਤੋਂ ਪੁੱਛਣ ਨੂੰ ਜੀਅ ਕਰਦਾ ਕਿ ਜੇ ਰੱਬ ਨੂੰ ਗੁੱਡੀ ਵਾਪਸ ਲੈਣੀ ਹੀ ਪਈ ਤਾਂ ਉਸਨੇ ਉਸਨੂੰ ਕਿਉਂ ਦਿੱਤੀ ? ਉਸਦੀਆਂ ਅੱਖਾਂ ਨਮ ਹੋ ਗਈਆਂ। ਚਿੱਟੇ ਕੱਪੜੇ ਵਿੱਚ ਲਪੇਟੀ ਹੋਈ ਗੁੱਡੀ ਦੀ ਲਾਸ਼ ਉਸਦੀਆਂ ਅੱਖਾਂ ਸਾਹਮਣੇ ਤੈਰ ਰਹੀ ਸੀ। ਇਸ ਵਾਰ ਅਧਿਆਪਕ ਉਸਨੂੰ ਪੁੱਛ ਰਿਹਾ ਸੀ। ਉਸਨੇ ਬਲੈਕਬੋਰਡ ਵੱਲ ਧਿਆਨ ਨਾਲ ਦੇਖਿਆ। ਉਸਨੂੰ ਲੱਗਾ ਜਿਵੇਂ ਬਲੈਕਬੋਰਡ ਵੀ ਗੁੱਡੀ ਦੇ ਸਰੀਰ ਦੁਆਲੇ ਲਪੇਟੇ ਹੋਏ ਕੱਪੜੇ ਵਾਂਗ ਚਿੱਟਾ ਹੋ ਗਿਆ ਹੋਵੇ। ਉਸਨੂੰ ਅਧਿਆਪਕਾ ਦੀਦੀ ਤੇ ਗੁੱਸਾ ਆਇਆ। ਉਹ ਚਿੱਟੇ ਬੋਰਡ ਤੇ ਚਿੱਟੇ ਚਾਕ ਨਾਲ ਲਿਖਿਆ ਕਿਵੇਂ ਪੜ੍ਹ ਸਕਦਾ ਹੈ ?

ਵਿਜੇ ਗਰਗ ਸੇਵਾਮੁਕਤ ਪ੍ਰਿੰਸੀਪਲ ਮਲੋਟ ਪੰਜਾਬ

# ਭਾਰਤ-ਪਾਕਿ ਵਿਚਾਲੇ ਯੁੱਧ ਖਤਮ, 12 ਮਈ ਨੂੰ ਫਿਰ ਗੱਲਬਾਤ ਕਰਨਗੇ ਦੋਵੇਂ ਮੁਲਕ



ਹੁਣ ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਹੈ। ਇਹ ਜਾਣਕਾਰੀ ਦਿੰਦੇ ਹੋਏ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਕਿਹਾ ਕਿ ਦੁਪਹਿਰ 3.35 ਵਜੇ ਦੋਵਾਂ ਦੇਸ਼ਾਂ ਦੇ 47$® ਵਿਚਕਾਰ ਗੱਲਬਾਤ ਹੋਈ।

ਇਸ ਦੇ ਨਾਲ ਹੀ ਦੋਵਾਂ ਦੇਸ਼ਾਂ ਵਿਚਕਾਰ ਜੰਗਬੰਦੀ ਦਾ ਐਲਾਨ ਕਰ ਦਿੱਤਾ ਗਿਆ ਹੈ। ਮਿਸਰੀ ਨੇ ਕਿਹਾ ਕਿ 12 ਮਈ ਨੂੰ ਦੋਵਾਂ ਦੇਸ਼ਾਂ ਦੇ ਅਧਿਕਾਰੀ ਅੱਗੇ ਦੀ ਰਣਨੀਤੀ 'ਤੇ ਚਰਚਾ ਕਰਨਗੇ।

ਤੁਰੰਤ ਪ੍ਰਭਾਵ ਨਾਲ ਗੋਲੀਬਾਰੀ ਅਤੇ ਫੌਜੀ ਕਾਰਵਾਈ ਰੋਕਣ ਲਈ ਸਹਿਮਤ

ਗੱਲਬਾਤ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਕਾਰ ਚੱਲ ਰਹੇ ਟਕਰਾਅ ਨੂੰ ਤੁਰੰਤ ਪ੍ਰਭਾਵ ਨਾਲ ਰੋਕ ਦਿੱਤਾ ਗਿਆ ਹੈ। ਵਿਦੇਸ਼ ਮੰਤਰਾਲੇ ਨੇ ਇਹ ਵੀ ਕਿਹਾ ਕਿ ਸ਼ਨੀਵਾਰ ਸ਼ਾਮ 5 ਵਜੇ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਕਾਰ ਕਿਸੇ ਵੀ ਤਰ੍ਹਾਂ ਦੀ ਲੜਾਈ ਨਹੀਂ ਹੋਵੇਗੀ।

ਇਸ ਦੌਰਾਨ ਭਾਰਤੀ ਵਿਦੇਸ਼ ਮੰਤਰੀ ਐਸ ਜੈਸ਼ੰਕਰ ਦਾ ਬਿਆਨ ਵੀ ਸਾਹਮਣੇ ਆਇਆ ਹੈ। ਭਾਰਤੀ ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਅੱਜ ਗੋਲੀਬਾਰੀ ਅਤੇ ਫੌਜੀ ਕਾਰਵਾਈ ਰੋਕਣ ਲਈ ਸਹਿਮਤ ਹੋਏ ਹਨ। ਭਾਰਤ ਨੇ ਅੱਤਵਾਦ ਦੇ ਸਾਰੇ ਰੂਪਾਂ ਅਤੇ ਪ੍ਰਗਟਾਵੇ ਵਿਰੁੱਧ ਲਗਾਤਾਰ ਦ੍ਰਿੜ ਅਤੇ ਅਟੱਲ ਸਟੈਂਡ ਬਣਾਈ ਰੱਖਿਆ ਹੈ। ਉਹ ਅਜਿਹਾ ਕਰਦਾ ਰਹੇਗਾ।

ਅਮਰੀਕੀ ਰਾਸ਼ਟਰਪਤੀ ਨੇ ਕੀਤੀ ਪਹਿਲ

ਤੁਹਾਨੂੰ ਦੱਸ ਦੇਈਏ ਕਿ ਭਾਰਤ ਅਤੇ ਪਾਕਿਸਤਾਨ ਅਮਰੀਕਾ ਦੀ ਵਿਚੋਲਗੀ ਹੇਠ ਲੰਬੀ ਗੱਲਬਾਤ ਤੋਂ ਬਾਅਦ ਜੰਗਬੰਦੀ 'ਤੇ ਸਹਿਮਤ ਹੋਏ ਹਨ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਸ ਬਾਰੇ ਟਵੀਟ ਕੀਤਾ ਹੈ।

ਇਹ ਕਦਮ ਅਜਿਹੇ ਸਮੇਂ ਚੁੱਕਿਆ ਗਿਆ ਹੈ ਜਦੋਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਸਰਹੱਦ 'ਤੇ ਲਗਾਤਾਰ ਡਰੋਨ ਹਮਲੇ, ਗੋਲਾਬਾਰੀ ਅਤੇ ਤਣਾਅਪੂਰਨ ਹਾਲਾਤ ਸਨ, ਜਿਸ ਨਾਲ ਖੇਤਰੀ ਅਤੇ ਵਿਸ਼ਵ ਪੱਧਰ 'ਤੇ ਚਿੰਤਾਵਾਂ ਵਧ ਗਈਆਂ ਸਨ।

ਇਸ ਦੌਰਾਨ ਪਾਕਿਸਤਾਨ ਦੇ ਉਪ ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰੀ ਇਸਹਾਕ ਡਾਰ ਨੇ ਸੋਸ਼ਲ ਮੀਡੀਆ 'ਤੇ ਜਾਣਕਾਰੀ ਦਿੱਤੀ ਕਿ ਭਾਰਤ ਅਤੇ ਪਾਕਿਸਤਾਨ ਤੁਰੰਤ ਪ੍ਰਭਾਵ ਨਾਲ ਜੰਗਬੰਦੀ 'ਤੇ ਸਹਿਮਤ ਹੋ ਗਏ ਹਨ।ਉਨ੍ਹਾਂ ਕਿਹਾ ਕਿ ਪਾਕਿਸਤਾਨ ਨੇ ਹਮੇਸ਼ਾ ਆਪਣੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਨਾਲ ਸਮਝੌਤਾ ਕੀਤੇ ਬਿਨਾਂ ਖੇਤਰ ਵਿੱਚ ਸ਼ਾਂਤੀ ਅਤੇ ਸੁਰੱਖਿਆ ਲਈ ਯਤਨਸ਼ੀਲ ਰਿਹਾ ਹੈ।

# ਮੌਸਮ ਵਿਭਾਗ ਦੀ ਚੇਤਾਵਨੀ ! ਪੰਜਾਬ 'ਚ ਪਵੇਗਾ ਭਾਰੀ ਮੀਂਹ



ਮੌਸਮ ਵਿਭਾਗ ਨੇ ਅਗਲੇ ਲਈ ਕਈ ਜ਼ਿਲ੍ਹਿਆਂ ਵਿੱਚ 40-50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਗਰਜ, ਗੜੇਮਾਰੀ ਅਤੇ ਤੇਜ਼ ਹਵਾਵਾਂ ਚੱਲਣ ਦੀ ਚੇਤਾਵਨੀ ਜਾਰੀ ਕੀਤੀ ਹੈ।

ਇਹ ਮੌਸਮ ਚੇਤਾਵਨੀ 12 ਮਈ ਤੱਕ ਲਾਗੂ ਰਹੇਗੀ। ਮੌਸਮ ਵਿਭਾਗ ਅਨੁਸਾਰ ਅੱਜ 11 ਮਈ ਨੂੰ ਪੰਜਾਬ ਵਿੱਚ ਮਸਮ ਫਿਰ ਖ਼ਰਾਬ ਹੋ ਸਕਦਾ ਹੈ। ਮੋਹਾਲੀ, ਲੁਧਿਆਣਾ, ਹੁਸ਼ਿਆਰਪੁਰ, ਫ਼ਤਿਹਗੜ੍ਹ ਸਾਹਿਬ ਅਤੇ ਬਠਿੰਡਾ ਸਮੇਤ ਕਈ ਜ਼ਿਲ੍ਹਿਆਂ ਵਿੱਚ ਗਰਜ ਅਤੇ ਤੇਜ਼ ਹਵਾਵਾਂ ਦੀ ਚੇਤਾਵਨੀ ਦਿੱਤੀ ਗਈ ਹੈ।

ਭਾਰਤੀ ਮੌਸਮ ਵਿਭਾਗ (9$4) ਦੇ ਅਨੁਸਾਰ, ਪੰਜਾਬ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ ਔਸਤਨ 0.3 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਹੈ।ਇਹ ਤਾਪਮਾਨ ਔਸਤਨ ਆਮ ਨਾਲੋਂ 4.5 ਡਿਗਰੀ ਸੈਲਸੀਅਸ ਵੱਧ ਹੈ, ਜੋ ਕਿ ਸੂਬੇ ਵਿੱਚ ਚਿੰਤਾਜਨਕ ਗਰਮੀ ਦਾ ਸੰਕੇਤ ਹੈ।

# ਦੋਵਾਂ ਦੇਸ਼ਾਂ ਦੇ ਜੰਗਬਾਜ਼ਾਂ ਨੂੰ ਫਿੱਟ ਲਾਹਣਤਾਂ ਪਾਉ: ਮਨਜੀਤ ਧਨੇਰ





ਚੰਡੀਗੜ੍ਹ-ਭਾਰਤੀ ਕਿਸਾਨ ਯੂਨੀਅਨ ਏਕਤਾ -ਡਕੌਂਦਾ ਦੀ ਸੂਬਾ ਕਮੇਟੀ ਨੇ ਭਾਰਤ ਅਤੇ ਪਾਕਿਸਤਾਨ ਦਰਮਿਆਨ ਜ਼ੰਗ ਬੰਦੀ ਤੇ ਟਿੱਪਣੀ ਕਰਦਿਆਂ ਕਿਹਾ ਹੈ ਕਿ ਇਹ ਜ਼ੰਗ ਅਮਰੀਕਾ ਦੇ ਇਸ਼ਾਰੇ ਤੇ ਦੋਵੇਂ ਦੇਸ਼ਾਂ ਦੀਆਂ ਕਾਰਪੋਰੇਟ ਘਰਾਣਿਆਂ ਪੱਖੀ ਸਰਕਾਰਾਂ ਵੱਲੋਂ ਕਾਰਪੋਰੇਟਾਂ ਦੇ ਮੁਨਾਫ਼ੇ ਵਧਾਉਣ ਦੀ ਗਿਣਤੀ ਮਿਣਤੀ ਅਧੀਨ ਲਾਈ ਗਈ ਸੀ। ਦੋਵੇਂ ਪਾਸੇ ਸੈਂਕੜੇ ਬੇਗੁਨਾਹ ਲੋਕਾਂ ਦੀਆਂ ਮੌਤਾਂ, ਜਾਇਦਾਦ ਦੀ ਤਬਾਹੀ ਅਤੇ ਲੋਕਾਂ ਦੀਆਂ ਦੁੱਖ ਤਕਲੀਫ਼ਾਂ ਲਈ ਇਹ ਸਾਮਰਾਜੀ ਪੂੰਜੀਵਾਦੀ ਸਿਸਟਮ ਪੂਰੀ ਤਰ੍ਹਾਂ ਜ਼ਿੰਮੇਵਾਰ ਹੈ ਜਿਸ ਅਧੀਨ ਕਾਰਪੋਰੇਟ ਘਰਾਣੇ, ਸੰਸਾਰ ਪੱਧਰ ਤੇ ਆਪਣੇ ਮੁਨਾਫ਼ਿਆਂ ਲਈ ਲੋਕਾਂ ਦਾ ਖ਼ੂਨ ਵਹਾਉਣ ਤੋਂ ਵੀ ਗੁਰੇਜ ਨਹੀਂ ਕਰਦੇ।

ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਿਹਾ ਕਿ ਪਹਿਲਾਂ ਵੀ ਪੁਲਵਾਮਾ ਅਤੇ ਚਿੱਠੀ ਸਿੰਘਪੁਰਾ ਵਿੱਚ ਬੇਗੁਨਾਹ ਲੋਕਾਂ ਦੇ ਕਤਲ ਹੋਏ ਸਨ। ਉਹਨਾਂ ਦੇ ਕਤਲ ਕਿਸ ਨੇ ਕੀਤੇ ? ਇਸ ਬਾਰੇ ਅੱਜ ਤੱਕ ਕੋਈ ਪੁਖ਼ਤਾ ਸਬੂਤ/ਜਾਂਚ ਰਿਪੋਰਟ ਸਾਹਮਣੇ ਨਹੀਂ ਆਈ। ਇਸੇ ਤਰਾਂ ਪਹਿਲਗਾਮ ਵਿਖੇ ਇੱਕ ਸਾਜਿਸ਼ ਅਧੀਨ 26 ਬੇਗੁਨਾਹ ਲੋਕਾਂ ਦੇ ਕਤਲ, ਉਸ ਤੋਂ ਬਾਅਦ ਪਾਕਿਸਤਾਨ ਵਿੱਚ ਅਤੇ ਭਾਰਤ ਦੇ ਪੁੰਛ, ਫਿਰੋਜ਼ਪੁਰ ਦੇ ਖਾਈ ਫੇਮੇ ਕੀ ਪਿੰਡ ਤੋਂ ਇਲਾਵਾ ਦੋਵੇਂ ਪਾਸਿਆਂ ਦੇ ਸੈਂਕੜੇ ਲੋਕਾਂ ਦੀਆਂ ਮੌਤਾਂ ਹੋਈਆਂ ਹਨ। ਪਹਿਲਗਾਮ ਵਿਖੇ ਲੋਕਾਂ ਦੀ ਸੁਰੱਖਿਆ ਕਰਨ ਦੀ ਜ਼ਿੰਮੇਵਾਰੀ ਕਿਸ ਦੀ ਸੀ ?

ਕਾਤਲ ਕਿਸ ਤਰ੍ਹਾਂ ਉੱਥੇ ਪਹੁੰਚ ਗਏ ਅਤੇ ਕਿਸ ਤਰ੍ਹਾਂ ਬਚ ਕੇ ਨਿਕਲ ਗਏ ? ਇਸ ਬਾਰੇ ਕਿਸੇ ਨੇ ਵੀ ਜਾਂਚ ਕਰਨ ਅਤੇ ਜ਼ਿੰਮੇਵਾਰੀ ਲੈਣ ਦੀ ਕੋਸ਼ਿਸ਼ ਨਹੀਂ ਕੀਤੀ ਸਗੋਂ ਸਾਰਾ ਕੁੱਝ ਫ਼ਿਰਕੂ ਜ਼ੰਗੀ ਜਨੂੰਨ ਹੇਠ ਦੱਬ ਦਿੱਤਾ ਗਿਆ। ਝੂਠ ਬੋਲਣ ਅਤੇ ਗ਼ਲਤ ਜਾਣਕਾਰੀ ਫੈਲਾਉਣ ਵਾਲੇ ਗੋਦੀ ਮੀਡੀਆ ਚੈਨਲਾਂ ਨੂੰ ਖੁੱਲ੍ਹੀ ਛੁੱਟੀ ਦਿੱਤੀ ਗਈ, ਜਿਹਨਾਂ ਨੇ ਇਥੋਂ ਤੱਕ ਝੂਠਾ ਪ੍ਰਚਾਰ ਕੀਤਾ ਕਿ ਪਾਕਿਸਤਾਨ ਦੀ ਰਾਜਧਾਨੀ ਇਸਲਾਮਾਬਾਦ ਤੇ ਕਬਜ਼ਾ ਹੋ ਗਿਆ ਹੈ ਅਤੇ ਕੇਂਦਰੀ ਮੰਤਰੀ ਕਿਰਨ ਰਿਜਿਜੂ ਤੱਕ ਨੇ ਇਸ ਗੁੰਮਰਾਹਕੁਨ ਸੂਚਨਾ ਨੂੰ ਅੱਗੇ ਸ਼ੇਅਰ ਕੀਤਾ। ਦੂਜੇ ਪਾਸੇ ਸੱਚੀ ਰਿਪੋਰਟਿੰਗ ਕਰਨ ਵਾਲੇ 'ਦੀ ਵਾਇਰ' '4 ਪੀ ਐਮ' ਅਤੇ ਪਰਸੂਨ ਬਾਜਪਾਈ ਯੂ ਟਿਊਬ ਚੈਨਲ ਤੋਂ ਇਲਾਵਾ 8000 ਐਕਸ ਖਾਤੇ ਬੰਦ ਕਰ ਦਿੱਤੇ ਗਏ।

ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਕਿਹਾ ਕਿ ਇਹ ਗੱਲ ਹੁਣ ਲੁਕੀ ਛਿਪੀ ਨਹੀਂ ਕਿ ਇਹ ਜ਼ੰਗ ਕਾਰਪੋਰੇਟਾਂ ਦੀਆਂ ਗਿਣਤੀਆਂ ਮਿਣਤੀਆਂ ਅਧੀਨ ਲਾਈ ਗਈ ਸੀ। ਕੁੱਝ ਚਿਰ ਪਹਿਲਾਂ ਅਮਰੀਕਨ ਰਾਸ਼ਟਰਪਤੀ ਡੋਨਲਡ ਟਰੰਪ ਨੇ ਟਵੀਟ ਕੀਤਾ ਕਿ ਭਾਰਤ ਅਤੇ ਪਾਕਿਸਤਾਨ ਜੰਗਬੰਦੀ ਲਈ ਸਹਿਮਤ ਹਨ ਅਤੇ ਉਸ ਤੋਂ ਤੁਰੰਤ ਬਾਅਦ ਹੀ ਜੰਗ ਬੰਦੀ ਦਾ ਐਲਾਨ ਹੋ ਜਾਂਦਾ ਹੈ।

ਇਸ ਤੋਂ ਇਲਾਵਾ ਪਿਛਲੇ ਦਿਨੀਂ ਫਰਾਂਸ ਦੀ ਰਾਫੇਲ ਜਹਾਜ਼ ਬਣਾਉਣ ਵਾਲੀ ਕੰਪਨੀ ਨਾਲ 28 ਅਪ੍ਰੈਲ 2025 ਨੂੰ 63,000 ਕਰੋੜ ਰੁਪਏ ਦਾ ਸੌਦਾ ਅਤੇ ਅਗਸਤ 2024 ਵਿੱਚ ਅਮਰੀਕਾ ਨਾਲ ਹਥਿਆਰਾਂ ਦਾ ਸੌਦਾ ਕਰਨਾ ਵੀ ਇਸ ਸਾਜਿਸ਼ ਦਾ ਪਰਦਾਫਾਸ਼ ਕਰਦਾ ਹੈ। ਹੁਣ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ ਲੋਕਾਂ ਦੀ ਖ਼ੂਨ ਪਸੀਨੇ ਦੀ ਕਮਾਈ ਨੂੰ ਕਾਰਪੋਰੇਟ ਘਰਾਣਿਆਂ ਤੋਂ ਹਥਿਆਰ ਖਰੀਦਣ ਲਈ ਖਰਚਣਗੀਆਂ। ਇਸ ਤਰ੍ਹਾਂ ਲੋਕਾਂ ਤੇ ਹੋਰ ਟੈਕਸ ਲਾ ਕੇ ਅਤੇ ਉਹਨਾਂ ਦੀਆਂ ਸਹੂਲਤਾਂ ਤੇ ਕੱਟ ਲਾ ਕੇ ਕਾਰਪੋਰੇਟਾਂ ਦੇ ਮੁਨਾਫ਼ੇ ਹੋਰ ਵਧਾਏ ਜਾਣਗੇ।

ਜਥੇਬੰਦੀ ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਕਿਹਾ ਕਿ ਬਾਰਡਰ ਦੇ ਨੇੜਲੇ ਪਿੰਡਾਂ ਨੂੰ ਜਿੰਨੇ ਦੁੱਖ ਮੁਸੀਬਤਾਂ ਦਾ ਸਾਹਮਣਾ ਕਰਨਾ ਪਿਆ ਹੈ ਉਸ ਦਾ ਇਹਨਾਂ ਜੰਗਬਾਜ਼ਾਂ ਨੂੰ ਕੋਈ ਅਫ਼ਸੋਸ ਨਹੀਂ ਹੈ। ਜਥੇਬੰਦੀ ਪਹਿਲਾਂ ਵੀ ਕਹਿੰਦੀ ਆਈ ਹੈ ਕਿ ਇਹ ਨਿਹੱਕੀ ਜੰਗ ਹੈ ਜਿਸ ਵਿੱਚ ਮਜ਼ਦੂਰਾਂ ਕਿਸਾਨਾਂ ਅਤੇ ਆਮ ਲੋਕਾਂ ਦੇ ਧੀਆਂ ਪੁੱਤ ਮਰਨਗੇ ਅਤੇ ਨੁਕਸਾਨ ਵੀ ਉਹਨਾਂ ਦਾ ਹੀ ਹੋਵੇਗਾ। ਇਸ ਲਈ ਇਸ ਨਿਹੱਕੀ ਜ਼ੰਗ ਦਾ ਵਿਰੋਧ ਕਰਨ ਦਾ ਸੱਦਾ ਦਿੱਤਾ ਗਿਆ ਸੀ।

ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਅਮਨਦੀਪ ਸਿੰਘ ਲਲਤੋਂ ਅਤੇ ਹਰੀਸ਼ ਨੱਢਾ ਕਿਹਾ ਕਿ ਇਸ ਰੌਲੇ ਰੱਪੇ ਅੰਦਰ ਬਰਤਾਨੀਆ ਨਾਲ ਮੁਕਤ ਵਪਾਰ ਸਮਝੌਤਾ ਸਿਰੇ ਚਾੜ੍ਹ ਲਿਆ ਗਿਆ ਹੈ। ਪੰਜਾਬ ਅੰਦਰ ਵੀ ਇੱਕ ਪਾਸੇ ਬਲੈਕ ਆਊਟ ਕਰਕੇ ਦੁਕਾਨਾਂ ਬੰਦ ਕਰਵਾਈਆਂ ਜਾ ਰਹੀਆਂ ਸਨ, ਦੂਜੇ ਪਾਸੇ ਬਠਿੰਡਾ ਜਿਲ੍ਹੇ ਦੇ ਪਿੰਡ ਜਿਉਂਦ ਵਿਖੇ ਭਗਵੰਤ ਮਾਨ ਦੀ ਸਰਕਾਰ ਵੱਲੋਂ ਸੈਂਕੜੇ ਪੁਲਸੀਏ ਭੇਜ ਕੇ ਜ਼ਮੀਨ ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ।

ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਜੰਗ, ਹਾਕਮਾਂ ਦੇ ਹੱਥਾਂ ਵਿੱਚ ਲੋਕਾਂ ਦੇ ਸੰਘਰਸ਼ਾਂ ਨੂੰ ਦਬਾਉਣ ਅਤੇ ਆਪਣੇ ਮਨਸੂਬਿਆਂ ਦੀ ਪੂਰਤੀ ਕਰਨ ਲਈ ਇੱਕ ਹਥਿਆਰ ਹੈ। ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਮੌਕਿਆਂ ਤੇ ਭਾਵੁਕਤਾ ਵਿੱਚ ਨਾ ਆਉਣ ਅਤੇ ਹਾਲਾਤਾਂ ਦੀ ਪੂਰੀ ਸਮੀਖਿਆ ਕਰਦੇ ਹੋਏ ਆਪਣੀ ਜਮਾਤੀ ਤਬਕਾਤੀ ਏਕਤਾ ਬਣਾਈ ਰੱਖਦਿਆਂ ਸੰਘਰਸ਼ਾਂ ਦੇ ਰਾਹ ਤੋਂ ਨਾ ਡੋਲਣ।

# ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚ ਹਟੀਆਂ ਪਾਬੰਦੀਆਂ !



ਭਾਰਤ ਤੇ ਪਾਕਿਸਤਾਨ ਵਿਚਾਲੇ ਸੀਜ਼ਫਾਇਰ ਦੇ ਐਲਾਨ ਹੋਣ ਤੋਂ ਬਾਅਦ ਪਾਕਿਸਤਾਨ ਨਾਲ ਲੱਗਦੀ ਪੰਜਾਬ ਸਰਹੱਦ 'ਤੇ ਵੀ ਜੰਗਬੰਦੀ ਲਾਗੂ ਕਰ ਦਿੱਤੀ ਗਈ ਹੈ। ਸ਼ਨੀਵਾਰ ਸ਼ਾਮ 5 ਵਜੇ ਇਸ ਦਾ ਐਲਾਨ ਕੀਤਾ ਗਿਆ ਹੈ।

ਸ਼ਨੀਵਾਰ ਸਵੇਰੇ 10 ਵਜੇ ਤੋਂ ਬਾਅਦ ਪੰਜਾਬ 'ਚ ਕਿਤੇ ਵੀ ਕੋਈ ਹਮਲਾ ਨਹੀਂ ਹੋਇਆ ਹੈ।

ਸਵੇਰੇ ਪਾਕਿਸਤਾਨ ਨੇ ਪਠਾਨਕੋਟ 'ਤੇ ਹਮਲਾ ਕੀਤਾ ਸੀ। ਹਾਲਾਂਕਿ ਪਾਕਿਸਤਾਨੀ ਸੁਭਾਅ ਨੂੰ ਧਿਆਨ 'ਚ ਰੱਖਦੇ ਹੋਏ, ਬਾਰਡਰ ਦੇ ਜ਼ਿਲ੍ਹਿਆਂ 'ਚ ਫੌਜ ਅਲਰਟ 'ਤੇ ਹੈ। ਜਲੰਧਰ, ਰੋਪੜ, ਕਪੂਰਥਲਾ, ਬਰਨਾਲਾ ਤੇ ਅੰਮ੍ਰਿਤਸਰ ਤੋਂ ਬਲੈਕਆਊਟ ਸਮੇਤ ਸਾਰੀਆਂ ਪਾਬੰਦੀਆਂ ਹਟਾ ਦਿੱਤੀਆਂ ਗਈਆਂ ਹਨ।

ਭਾਰਤ ਤੇ ਪਾਕਿਸਤਾਨ ਵਿਚਕਾਰ ਸੀਜ਼ਫਾਇਰ ਤੋਂ ਪਹਿਲਾਂ, ਭਾਰਤੀ ਫੌਜ ਨੇ 3 ਦਿਨਾਂ ਤੱਕ ਪਾਕਿਸਤਾਨੀ ਹਮਲਿਆਂ ਦਾ ਢੁਕਵਾਂ ਜਵਾਬ ਦਿੱਤਾ। ਪਾਕਿਸਤਾਨ ਨੇ ਫੌਜੀ ਠਿਕਾਣਿਆਂ ਤੋਂ ਲੈ ਕੇ ਰਿਹਾਇਸ਼ੀ ਇਲਾਕਿਆਂ ਤੱਕ ਹਰ ਚੀਜ਼ ਨੂੰ ਨਿਸ਼ਾਨਾ ਬਣਾਇਆ। ਪਰ ਫੌਜ ਦੇ ਹਵਾਈ ਰੱਖਿਆ ਪ੍ਰਣਾਲੀ ਨੇ ਹਰ ਹਮਲੇ ਨੂੰ ਨਾਕਾਮ ਕਰ ਦਿੱਤਾ।

ਪਾਕਿਸਤਾਨ ਨੇ 3 ਦਿਨਾਂ ਵਿੱਚ ਪੰਜਾਬ ਦੇ 12 ਜ਼ਿਲ੍ਹਿਆਂ 'ਤੇ ਹਮਲਾ ਕੀਤਾ। ਜਿਸ ਵਿੱਚ 6 ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ, ਪਠਾਨਕੋਟ, ਫਿਰੋਜ਼ਪੁਰ, ਫਾਜ਼ਿਲਕਾ, ਗੁਰਦਾਸਪੁਰ ਅਤੇ ਤਰਨਤਾਰਨ ਸ਼ਾਮਲ ਹਨ। ਉਸੇ ਸਮੇਂ, ਬਠਿੰਡਾ, ਜਲੰਧਰ, ਮਾਨਸਾ, ਕਪੂਰਥਲਾ, ਲੁਧਿਆਣਾ ਅਤੇ ਹੁਸ਼ਿਆਰਪੁਰ ਵਿੱਚ ਹਵਾਈ ਹਮਲੇ ਕੀਤੇ ਗਏ। ਪਾਕਿਸਤਾਨ ਨੇ ਇਨ੍ਹਾਂ ਜ਼ਿਲ੍ਹਿਆਂ ਵਿੱਚ ਡਰੋਨ ਅਤੇ ਰਾਕੇਟ ਤੋਂ ਇਲਾਵਾ ਮਿਜ਼ਾਈਲਾਂ ਦਾਗੀਆਂ।

ਕੱਲ੍ਹ ਵੀ ਪਾਕਿਸਤਾਨੀ ਫੌਜ ਨੇ ਏਅਰਬੇਸ 'ਤੇ ਹਮਲਾ ਕੀਤਾ ਸੀ, ਜਿਸ ਕਾਰਨ ਉਨ੍ਹਾਂ ਨੂੰ ਮਾਮੂਲੀ ਨੁਕਸਾਨ ਹੋਇਆ ਸੀ। ਪਾਕਿਸਤਾਨ ਨੇ ਹਾਈ-ਸਪੀਡ ਮਿਜ਼ਾਈਲਾਂ ਦਾਗੀਆਂ ਕਰਕੇ ਦੋਵਾਂ ਏਅਰਬੇਸਾਂ ਨੂੰ ਉਡਾਉਣ ਦੀ ਕੋਸ਼ਿਸ਼ ਕੀਤੀ ਸੀ।

# ਦੇਸ਼ ਦੇ ਬਹਾਦਰ ਰਾਖਿਆਂ ਤੇ ਜਿੰਨਾ ਮਾਣ ਕਰੀਏ ਉਨ੍ਹਾਂ ਹੀ ਘੱਟ- ਸੋਮ ਪ੍ਰਕਾਸ਼




ਫਗਵਾੜਾ ( ਸੁਸ਼ੀਲ ਸ਼ਰਮਾ ) ਪਹਿਲਗਾਮ ਵਿੱਚ ਅੱਤਵਾਦੀਆਂ ਵਲੋਂ ਨਾਪਾਕ ਖ਼ੂਨੀ ਕਾਂਡ ਦੇ ਜਵਾਬ ਵਿੱਚ ਭਾਰਤੀ ਫੌਜਾਂ ਵਲੋਂ ਜਾਰੀ ਉਪਰੇਸ਼ਨ ਸਿੰਧੂਰ ਤਹਿਤ ਕਾਰਵਾਈ ਅਤੇ ਪਾਕਿਸਤਾਨ ਨਾਲ ਚੱਲ ਰਹੀ ਜੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਭਾਰਤ ਦੇ ਜਾਂਬਾਜ਼ ਯੋਧਿਆਂ ਦੀ ਜੀਵਨ ਸੁਰੱਖਿਆ ਲਈ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ ( ਰਜਿ ) ਫਗਵਾੜਾ ਵਲੋਂ ਬੀ.ਐਸ.ਐਫ ਹੈਡਕੁਆਟਰ ਪੰਜਾਬ ਅਤੇ ਫਗਵਾੜਾ ਦੀਆਂ ਸਮੂਹ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਸਹਿਯੋਗ ਨਾਲ ਇੱਕ ਖ਼ੂਨਦਾਨ ਕੈਂਪ ਸ਼ਿਵ ਮੰਦਰ ਤਲਾਬ ਅਰੋੜਿਆਂ ਮੇਹਲੀ ਗੇਟ ਫਗਵਾੜਾ ਵਿਖੇ ਆਯੋਜਿਤ ਕੀਤਾ ਗਿਆ । ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਕੈਂਥ ਅਤੇ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਵਿਚਾਰ ਪ੍ਰਗਟ ਕੀਤੇ ਕਿ ਸਾਡੀ ਸੁਰੱਖਿਆ ਫੌਜਾਂ ਤੇ ਜਿੰਨਾਂ ਮਾਣ ਕਰੀਏ ਉਨ੍ਹਾਂ ਹੀ ਘੱਟ ਹੈ ਅਤੇ ਉਹਨਾਂ ਨੇ ਮਜ਼ਬੂਤੀ ਨਾਲ ਪਹਿਰਾ ਦੇ ਕੇ ਸਾਡੇ ਮਾਣ ਨੂੰ ਕਈ ਗੁਣਾ ਵਧਾਇਆ ਹੈ । ਕੈਂਪ ਦੀ ਪ੍ਰਧਾਨਗੀ ਕਰਦਿਆਂ ਸੀਮਾ ਸੁਰੱਖਿਆ ਬਲ ਦੇ ਡੀ ਆਈ ਜੀ ਪੰਜਾਬ ਡਾ. ਸ਼ਿਵਕੁਮਾਰ ਨੇ ਕਿਹਾ ਪੰਜਾਬ ਦੇ ਬਹਾਦਰ ਲੋਕਾਂ ਵਲੋਂ ਖ਼ੂਨਦਾਨ ਕੈਂਪ ਅਤੇ ਜ਼ਿੰਦਾਦਿਲ ਸਹਿਯੋਗ ਬੇਮਿਸਾਲ ਹੈ ।ਸ਼ਿਵ ਮੰਦਰ ਪੱਕਾ ਬਾਗ ਸਟਾਰਚ ਮਿੱਲ ਦੇ ਪ੍ਰਧਾਨ ਇੰਦਰਜੀਤ ਕਾਲੜਾ, ਪਰਬਤ ਮੱਠ ਹਦੀਆਬਾਦ ਦੇ ਟ੍ਰਸਟੀ ਰਾਕੇਸ਼ ਦੁੱਗਲ, ਲਾਇਨ ਕਲੱਬ ਫਗਵਾੜਾ ਦੇ ਪ੍ਰਧਾਨ ਆਸ਼ੂ ਮਾਰਕੰਡਾ ਅਤੇ ਉੱਘੇ ਗਾਇਕ ਜਸਵੀਰ ਮਾਹੀ ਅਤੇ ਸ਼ਿਵ ਮੰਦਰ ਤਲਾਬ ਅਰੋੜਿਆਂ ਪ੍ਰਧਾਨ ਬੌਬੀ ਅਰੋੜਾ ਅਤੇ ਪ੍ਰੋਜੈਕਟ ਡਾਇਰੈਕਟਰਾਂ ਨੀਰਜ ਬਖਸ਼ੀ ਅਤੇ ਕੁਸ਼ ਵਢੇਰਾ ਦੀ ਪ੍ਰੇਰਣਾ ਸਦਕਾ 98 ਖ਼ੂਨਦਾਨੀਆਂ ਨੇ ਕੈਂਪ ਵਿੱਚ ਖ਼ੂਨਦਾਨ ਕਰਕੇ ਆਪਣਾ ਸਮਾਜਿਕ ਫਰਜ਼ ਅਦਾ ਕੀਤਾ । ਕਲੱਬ ਪ੍ਰਧਾਨ ਪੰਡਿਤ ਰਾਹੁਲ ਸ਼ਰਮਾ ਅਤੇ ਸਕੱਤਰ ਵਿਤਿਨ ਪੁਰੀ ਨੇ ਕਿਹਾ ਕਿ ਖ਼ੂਨ ਦੀ ਕਮੀ ਦੇ ਕਾਰਨ ਕਿਸੇ ਵੀ ਜਵਾਨ ਦਾ ਜਾਨੀ ਨੁਕਸਾਨ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਲੋੜ ਅਨੁਸਾਰ ਹੋਰ ਖ਼ੂਨਦਾਨ ਕੈਂਪ ਆਯੋਜਿਤ ਕੀਤੇ ਜਾਣਗੇ । ਕਲੱਬ ਦੇ ਸਾਬਕਾ ਪ੍ਰਧਾਨ ਵਿਕਰਮ ਗੁਪਤਾ ਅਤੇ ਚੇਅਰਮੈਨ ਜਰਨੈਲ ਸਿੰਘ ਬਸਰਾ ਨੇ ਸਮੂਹ ਸੰਸਥਾਵਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ । ਇਸ ਮੌਕੇ ਕਲੱਬ ਕਬਾਨਾ ਦੇ ਉਪ ਪ੍ਰਧਾਨ ਜਯੋਤੀ ਕੁਮਾਰ, ਨੀਲਮ. ਵਿਤਿਨ ਪੁਰੀ, ਨੀਰਜ ਬਖਸ਼ੀ, ਰਮਨ ਛਾਬੜਾ, ਦਵਿੰਦਰ ਕੁਮਾਰ, ਰਾਜੀਵ ਸ਼ਰਮਾ, ਗਗਨ ਰਾਜ ਪੁਰੋਹਿਤ, ਜੁਗਨੂ ਸ਼ਰਮਾ , ਰਾਜੇਸ਼ ਸ਼ਰਮਾ, ਰਾਕੇਸ਼ ਵਢੇਰਾ, ਪ੍ਰਭਜੋਤ ਸਿੰਘ, ਨਰੇਸ਼ ਕੋਹਲੀ, ਸਿੱਖਿਆ ਰਤਨ ਗੁਰਮੀਤ ਸਿੰਘ, ਨੀਤੂ, ਡਾ. ਅੰਜੂ ਸ਼ਰਮਾ, ਜਸਮੀਤ ਕੌਰ, ਸੁਸ਼ੀਲ ਸ਼ਰਮਾ ਹਾਜ਼ਰ ਸਨ

# ਸੀ.ਬੀ.ਐਸ.ਈ. ਬੋਰਡ 10+2 ਪ੍ਰੀਖਿਆ 'ਚ ਡਿਵਾਈਨ ਪਬਲਿਕ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ



ਫਗਵਾੜਾ ( ਸੁਸ਼ੀਲ ਸ਼ਰਮਾ ) ਸੀ.ਬੀ.ਐਸ.ਈ. ਬੋਰਡ 10+2 ਦੀ ਸਾਲਾਨਾ ਪ੍ਰੀਖਿਆ 'ਚ ਡਿਵਾਈਨ ਪਬਲਿਕ ਸਕੂਲ ਦਾ ਨਤੀਜਾ ਹਮੇਸ਼ਾ ਵਾਂਗ ਸ਼ਾਨਦਾਰ ਰਿਹਾ ਹੈ। ਸਕੂਲ ਪ੍ਰਿੰਸੀਪਲ ਰੇਣੂ ਠਾਕੁਰ ਨੇ ਦੱਸਿਆ ਕਿ ਨਾਨ-ਮੈਡੀਕਲ ਗਰੁੱਪ ਵਿੱਚ ਪ੍ਰੀਤਾਂਸ਼ ਨੇ 91 ਪ੍ਰਤੀਸ਼ਤ ਅੰਕਾਂ ਨਾਲ ਪਹਿਲਾ ਸਥਾਨ, ਪ੍ਰਣਵੀ ਨੇ 88.4 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਸਥਾਨ ਅਤੇ ਮੰਨਤ ਨੇ 84.2 ਪ੍ਰਤੀਸ਼ਤ ਅੰਕਾਂ ਨਾਲ ਸਕੂਲ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਮੈਡੀਕਲ ਗਰੁੱਪ ਵਿੱਚ, ਵੈਭਵ ਨੇ 90.4 ਪ੍ਰਤੀਸ਼ਤ, ਏਂਜਲ ਨੇ 75 ਪ੍ਰਤੀਸ਼ਤ ਅਤੇ ਪ੍ਰੇਕ ਨੇ 66 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਕਾਮਰਸ ਗਰੁੱਪ ਵਿੱਚ ਸਤਿੰਦਰ ਨੇ 85 ਪ੍ਰਤੀਸ਼ਤ, ਹਾਂਸੀ ਨੇ 75 ਪ੍ਰਤੀਸ਼ਤ ਅਤੇ ਸਾਗਰ ਨੇ 74 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ, ਜਦਕਿ ਆਰਟਸ ਗਰੁੱਪ ਵਿੱਚ ਇਰਮਾਨ ਨੇ 74 ਪ੍ਰਤੀਸ਼ਤ, ਗੁਰਿੰਦਰ ਸਿੰਘ ਨੇ 73 ਪ੍ਰਤੀਸ਼ਤ ਅਤੇ ਗੁਰਵਿੰਦਰ ਨੇ 64 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਬੋਰਡ ਦੀ ਪ੍ਰੀਖਿਆ ਪਹਿਲੇ ਦਰਜੇ ਵਿੱਚ ਪਾਸ ਕੀਤੀ ਹੈ। ਉਨ੍ਹਾਂ ਸਾਰੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਦੌਰਾਨ ਸਕੂਲ ਦੇ ਚੇਅਰਮੈਨ ਪੰਕਜ ਕਪੂਰ ਨੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਖੁਸ਼ੀ ਪ੍ਰਗਟ ਕੀਤੀ ਅਤੇ ਸ਼ਾਨਦਾਰ ਨਤੀਜੇ ਲਈ ਹੋਣਹਾਰ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਆ ਅਤੇ ਚੰਗੇ ਕਰੀਅਰ ਲਈ ਸਖ਼ਤ ਮਿਹਨਤ ਕਰਨ ਦੀ ਹਦਾਇਤ ਦਿੱਤੀ।

# ਸਿਵਲ ਸਰਜਨ ਵਲੋਂ ਐਸ.ਐਮ.ਓਜ਼ ਨਾਲ ਮਹੀਨੇਵਾਰ ਮੀਟਿੰਗ



ਕਪੂਰਥਲਾ – ਫਗਵਾੜਾ : (ਸੁਸ਼ੀਲ ਸ਼ਰਮਾ )ਸਿਵਲ ਸਰਜਨ ਕਪੂਰਥਲਾ ਡਾਕਟਰ ਰਾਜੀਵ ਪਰਾਸ਼ਰ ਵੱਲੋਂ ਸੀਨੀਅਰ ਮੈਡੀਕਲ ਅਫਸਰਾਂ ਨਾਲ ਮਹੀਨੇਵਾਰ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵੱਖ-ਵੱਖ ਸਿਹਤ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ ਸਿਵਲ ਸਰਜਨ ਡਾਕਟਰ ਰਾਜੀਵ ਪਰਾਸ਼ਰ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੇ ਗਏ ਕੰਮਾਂ ਦਾ ਜਾਇਜ਼ਾ ਲਿਆ ਗਿਆ ਤੇ ਭਵਿੱਖ ਵਿਚ ਕੀਤੇ ਜਾਣ ਵਾਲੇ ਕੰਮਾਂ ਦੀ ਰੂਪਰੇਖਾ ਉਲੀਕੀ ਗਈ। ਮੀਟਿੰਗ ਦੌਰਾਨ ਆਮ ਆਦਮੀ ਕਲੀਨਿਕਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ ਗਈ। ਇਸ ਦੇ ਨਾਲ ਹੀ ਸਿਵਲ ਸਰਜਨ ਨੇ ਸਾਰੀਆਂ ਸਿਹਤ ਸੰਸਥਾਵਾਂ ਦਾ ਰਿਕਾਰਡ ਕੀਪਿੰਗ ਠੀਕ ਕਰਨ ਅਤੇ ਇੰਪਰੂਵਮੈਂਟ ਕਰਨ ਲਈ ਵੀ ਕਿਹਾ ਗਿਆ। ਇਸ ਮੌਕੇ ਉਹਨਾਂ ਨਿਰਦੇਸ਼ ਦਿੱਤੇ ਕਿ ਸਰਕਾਰ ਵੱਲੋਂ ਜੋ ਸਿਹਤ ਸਹੂਲਤਾਂ ਦਿੱਤੀਆਂ ਗਈਆਂ ਹਨ ਉਹਨਾਂ ਦਾ ਲਾਭ ਹਰ ਵਰਗ ਨੂੰ ਮਿਲਣਾ ਚਾਹੀਦਾ ਹੈ ,ਇਹੀ ਨਹੀਂ ਮਰੀਜ਼ਾਂ ਨੂੰ ਸਰਕਾਰੀ ਸਿਹਤ ਕੇਂਦਰਾਂ ਵਿੱਚ ਕੋਈ ਮੁਸ਼ਕਲ ਨਹੀਂ ਆਉਣੀ ਚਾਹੀਦੀ। ਉਨ੍ਹਾਂ ਕਿਹਾ ਕਿ ਹਰ ਸ਼ੁਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਜਾਗਰੂਕਤਾ ਗਤੀਵਿਧੀਆਂ ਕਰਨਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਤੇ ਏਸੀਐਸ ਡਾ. ਅੰਜੂ ਸ਼ਰਮਾ, ਡੀਆਈਓ ਡਾ. ਰਣਦੀਪ ਸਿੰਘ,ਐਸਐਮਓ ਡਾ. ਇੰਦੂ ਬਾਲਾ, ਐਸਐਮਓ ਡਾ. ਡੀਪੀ ਸਿੰਘ,ਐਸਐਮਓ ਹਰਜਿੰਦਰ ਸਿੰਘ,ਐਸਐਮਓ ਡਾ. ਪ੍ਰੇਮ ਕੁਮਾਰ,ਐਸਐਮਓ ਡਾ ਰੁਪਿੰਦਰ ਕੌਰ,ਐਸਐਮਓ ਡਾ. ਰਵਜੀਤ ਸਿੰਘ,ਐਸਐਮਓ ਡਾ. ਸਰਬਿੰਦਰ ਸਿੰਘ,ਐਪੀਡੀਮੋਲੋਜਿਸਟ ਡਾ. ਨੰਦਿਕਾ ਖੁੱਲਰ,ਡਾ. ਨਵਪ੍ਰੀਤ ਕੌਰ,ਡਾ ਭਰਮਿੰਦਰ ਬੈਂਸ,ਡਾ. ਗੁਰਨਾਮ ਸਿੰਘ,ਡਾ. ਰਾਜੀਵ ਭਗਤ, ਸੁਪਰਡੈਂਟ ਰਾਮ ਅਵਤਾਰ,ਡੀਪੀਐਮ ਵਿਨੇ ਮੱਲਣ,ਐਮਐਂਡਈਓ ਰਾਮ ਸਿੰਘ,ਡਿਪਟੀ ਮਾਸ ਮੀਡੀਆ ਅਫ਼ਸਰ ਸੁਖਦੀਪ ਸਿੰਘ,ਸਟੈਨੋ ਅਮਰੀਕ ਸਿੰਘ, ਪ੍ਰਭਾਤ ਸ਼ਰਮਾ ਤੋਂ ਇਲਾਵਾ ਵੱਖ-ਵੱਖ ਬਲਾਕਾਂ ਤੋਂ ਆਏ ਸੀਨੀਅਰ ਮੈਡੀਕਲ ਅਫ਼ਸਰ ਸਾਹਿਬਾਨ ਹਾਜ਼ਰ ਸਨ।

# ਫੌਜੀ ਕਾਰਵਾਈ ਦੌਰਾਨ ਨਿਜੀ ਨਫਰਤ ਦਾ ਮੁਜਾਹਰਾ ਕਰਨ ਵਾਲੇ ਬਾਜ ਆਉਣ - ਅਸ਼ੋਕ ਭਾਟੀਆ



ਫਗਵਾੜਾ ( ਸੁਸ਼ੀਲ ਸ਼ਰਮਾ ) ਆਮ ਆਦਮੀ ਪਾਰਟੀ ਜਿਲ੍ਹਾ ਕਪੂਰਥਲਾ ਦੇ ਸਕੱਤਰ ਅਸ਼ੋਕ ਭਾਟੀਆ ਨੇ ਆਪ੍ਰੇਸ਼ਨ ਸਿੰਦੂਰ ਤਹਿਤ ਭਾਰਤੀ ਫੌਜ ਵਲੋਂ ਪਾਕਿਸਤਾਨ ਦੇ ਖਿਲਾਫ ਕੀਤੀ ਸਖ਼ਤ ਕਾਰਵਾਈ ਦੀ ਭਰਪੂਰ ਸ਼ਲਾਘਾ ਕੀਤੀ ਹੈ। ਉਹਨਾਂ ਕਿਹਾ ਕਿ ਭਾਰਤੀ ਫੌਜ ਨੇ ਸਾਬਿਤ ਕਰ ਦਿਖਾਇਆ ਹੈ ਕਿ ਭਾਰਤ ਵੱਲ ਉੱਠਣ ਵਾਲੀ ਹਰ ਅੱਖ ਨੂੰ ਠੋਕਵਾਂ ਜਵਾਬ ਮਿਲੇਗਾ। ਉਹਨਾਂ ਨੇ ਕਿਹਾ ਕਿ ਆਪ੍ਰੇਸ਼ਨ ਸਿੰਦੂਰ ਦੇ ਦੌਰਾਨ ਆਪਣੇ ਹੀ ਦੇਸ਼ ਦੇ ਕੁੱਝ ਲੋਕ ਪਾਕਿਸਤਾਨ ਅਤੇ ਵਿਦੇਸ਼ਾਂ 'ਚ ਬੈਠੇ ਭਾਰਤ ਵਿਰੋਧੀ ਲੋਕਾਂ ਦੀਆਂ ਫੇਕ ਪੋਸਟਾਂ ਨੂੰ ਸ਼ੇਅਰ ਕਰਕੇ ਨਾਸਮਝੀ ਵਿਚ ਉਹਨਾਂ ਦੇ ਡਰ ਫੈਲਾਉਣ ਵਾਲੇ ਏਜੰਡੇ ਨੂੰ ਅੱਗੇ ਵਧਾ ਰਹੇ ਹਨ, ਜੋ ਕਿ ਬਹੁਤ ਹੀ ਘਟੀਆ ਅਤੇ ਨਿੰਦਣਯੋਗ ਹਰਕਤ ਹੈ। ਬੇਸ਼ਕ ਕਿਸੇ ਸਿਆਸੀ ਜਮਾਤ ਦੀਆਂ ਨੀਤੀਆਂ 'ਤੇ ਸਵਾਲ ਕੀਤਾ ਜਾ ਸਕਦਾ ਹੈ ਪਰ ਦੇਸ਼ ਨੂੰ ਢਾਹ ਲਾਉਣ ਵਾਲੀ ਕੋਈ ਹਰਕਤ ਬਰਦਾਸ਼ਤ ਯੋਗ ਨਹੀਂ ਹੁੰਦੀ। ਜੇਕਰ ਕਿਸੇ ਖਾਸ ਵਿਚਾਰਧਾਰਾ ਦੇ ਲੋਕ ਭਾਰਤ ਲਈ ਖੜ ਜਾਂ ਲੜ ਨਹੀਂ ਸਕਦੇ ਤਾਂ ਜੰਗ ਦੇ ਮਾਹੌਲ 'ਚ ਮੂੰਹ ਬੰਦ ਕਰਕੇ ਉਹਨਾਂ ਨੂੰ ਚੁੱਪ ਧਾਰ ਕੇ ਰੱਖਣੀ ਚਾਹੀਦੀ ਹੈ। ਅਜਿਹੀਆਂ ਕਾਰਗੁਜਾਰੀਆਂ ਆਮ ਲੋਕਾਂ 'ਚ ਆਪਸੀ ਨਫਰਤ ਦਾ ਮਾਹੌਲ ਪੈਦਾ ਕਰਦੀਆਂ ਹਨ, ਦੁਸ਼ਮਨ ਦੇਸ਼ ਦੀ ਮੱਦਦ ਕਰਨਾ ਅਤੇ ਦੇਸ਼ ਦੇ ਖਿਲਾਫ ਜੁਰਮ ਹੈ। ਅਸ਼ੋਕ ਭਾਟੀਆ ਨੇ ਸੁਰੱਖਿਆ ਏਜੰਸੀਆਂ ਤੋਂ ਮੰਗ ਕੀਤੀ ਕਿ ਨਫ਼ਰਤ ਫੈਲਾਉਣ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਉਹਨਾਂ ਨੇ ਕੁੱਝ ਸਿਆਸਤਦਾਨਾਂ ਅਤੇ ਅਖੌਤੀ ਵਿਸ਼ਲੇਸ਼ਕਾਂ ਨੂੰ ਵੀ ਤਾੜਨਾ ਕੀਤੀ ਕਿ ਫਰਜ਼ੀ ਖਬਰਾਂ ਅਤੇ ਭਰਮ ਫੈਲਾਉਣ ਵਾਲੀਆਂ ਗੱਲਾਂ ਕਰਨ ਦੀ ਬਜਾਏ ਜੰਗ ਦੇ ਮਾਹੌਲ 'ਚ ਇਸ ਦੇਸ਼ ਦੀ ਤਾਕਤ, ਬਲਿਦਾਨ ਜਾਂ ਤਰੱਕੀ ਨੂੰ ਭੰਡਣ ਤੋਂ ਗੁਰੇਜ ਕਰਨ। ਭਾਟੀਆ ਨੇ ਕਿਹਾ ਕਿ ਕੁੱਝ ਲੋਕਾਂ ਦੀ ਮਾਨਸਿਕਤਾ ਇੰਨੀ ਖਰਾਬ ਹੋ ਚੁੱਕੀ ਹੈ ਕਿ ਉਹ ਔਖੇ ਸਮੇਂ ਵਿਚ ਵੀ ਸਿਰਫ ਖਾਮੀਆਂ ਹੀ ਲੱਭਦੇ ਹਨ। ਇਹ ਨਾਸ਼ੁਕਰੇ ਲੋਕ ਆਪਣੀ ਮਿੱਟੀ ਦੇ ਵੀ ਵਫਾਦਾਰ ਨਹੀਂ ਹਨ। ਅਜਿਹੇ ਲੋਕਾਂ ਨੂੰ ਨੱਥ ਪਾਉਣ ਦੀ ਲੋੜ ਹੈ। ਕਿਸੇ ਨੂੰ ਵੀ ਇਹ ਅਧਿਕਾਰ ਨਹੀਂ ਹੈ ਕਿ ਬਾਬਾ ਸਾਹਿਬ ਡਾ. ਅੰਬੇਡਕਰ ਦੇ ਸੰਵਿਧਾਨ ਹੇਠ ਇਕਜੁੱਟ ਇਸ ਦੇਸ਼, ਭਾਰਤ ਦੇ ਕੌਮੀ ਝੰਡੇ ਅਤੇ ਇੱਥੋਂ ਦੀ ਫੌਜ ਦਾ ਅਪਮਾਨ ਜਾਂ ਭਾਸ਼ਾ, ਖੇਤਰਵਾਦ ਦੇ ਨਾਮ 'ਤੇ ਨਫਰਤ ਫੈਲਾਉਣ ਅਤੇ ਭਾਰਤੀਆਂ ਨੂੰ ਵੰਡਣ ਦੀ ਕੋਸ਼ਿਸ਼ ਕਰੇ। ਆਪ ਆਗੂ ਨੇ ਕੁੱਝ ਵੱਡੇ ਨਿਊਜ਼ ਚੈਨਲਾਂ ਵਲੋਂ ਆਪ੍ਰੇਸ਼ਨ ਦੌਰਾਨ ਕੀਤੀ ਕਵਰੇਜ ਨੂੰ ਵੀ ਗੈਰ ਜਿੰਮੇਦਾਰਾਨਾ ਦੱਸਿਆ ਅਤੇ ਕਿਹਾ ਕਿ ਜੰਗ ਦੌਰਾਨ ਭਾਰਤੀਆਂ 'ਚ ਜੋਸ਼ ਦਾ ਸੰਚਾਰ ਕਰਨਾ ਚੰਗੀ ਗੱਲ ਹੈ ਪਰ ਬਿਨਾਂ ਤਸਦੀਕ ਕੀਤੇ ਗਲਤ ਸੂਚਨਾਵਾਂ ਦਾ ਪ੍ਰਸਾਰਨ ਕਰਕੇ ਟੀ.ਆਰ.ਪੀ. ਵਧਾਉਣ ਦੀ ਕੋਸ਼ਿਸ਼ ਨਾਲ ਉਹਨਾਂ ਦੀ ਆਪਣੀ ਵਿਸ਼ਵਸਨੀਯਤਾ ਹੀ ਘੱਟਦੀ ਹੈ। ਅਸ਼ੋਕ ਭਾਟੀਆ ਨੇ ਭਰੋਸਾ ਦਿੱਤਾ ਕਿ ਆਮ ਆਦਮੀ ਪਾਰਟੀ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਸ ਔਖੇ ਸਮੇਂ 'ਚ ਦੇਸ਼ ਦੇ ਨਾਲ ਹੈ ਅਤੇ ਪਾਕਿਸਤਾਨ ਨੂੰ ਪੂਰਾ ਸਬਕ ਸਿਖਾਏ ਜਾਣ ਤੱਕ ਫੌਜ ਦੇ ਨਾਲ ਡੱਟ ਕੇ ਖੜੀ ਹੈ। ਜੇਕਰ ਜ਼ਰੂਰੀ ਹੋਇਆ ਤਾਂ ਫੌਜ ਦੀ ਹੌਸਲਾ ਅਫਜਾਈ ਲਈ ਸਰਹੱਦਾਂ 'ਤੇ ਵੀ ਜਾਣਗੇ ਅਤੇ ਇਕ ਦੇਸ਼ ਭਗਤ ਸ਼ਹਿਰੀ ਹੋਣ ਦੇ ਨਾਤੇ ਫੌਜ ਦੀ ਹਰ ਸੰਭਵ ਮੱਦਦ ਪਾਰਟੀ ਵਰਕਰਾਂ ਵਲੋਂ ਕੀਤੀ ਜਾਵੇਗੀ।

# ਦੇਸ਼ 'ਚ ਜਾਤੀ ਜਨਗਣਨਾ ਪੰਜਾਬੀ ਖੱਤਰੀ ਭਾਈਚਾਰੇ ਲਈ ਆਪਣੀ ਇੱਕਜੁਟਤਾ ਦਿਖਾਉਣ ਦਾ ਸੁਨਹਿਰੀ ਮੌਕਾ : ਬਜਾਜ/ਭੱਲਾ

ਫਗਵਾੜਾ 13 ਮਈ ( ਸੁਸ਼ੀਲ ਸ਼ਰਮਾ ) ਖੱਤਰੀ ਸਭਾ ਰਜਿ. ਫਗਵਾੜਾ ਦੇ ਪ੍ਰਧਾਨ ਮਦਨ ਮੋਹਨ ਬਜਾਜ (ਗੁੱਡ) ਅਤੇ ਉਪ ਪ੍ਰਧਾਨ ਦਵਿੰਦਰ ਭੱਲਾ ਨੇ ਭਾਰਤ ਸਰਕਾਰ ਦੇ ਜਾਤੀ ਜਨਗਣਨਾ ਕਰਵਾਉਣ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਅੱਜ ਇੱਥੇ ਉਨ੍ਹਾਂ ਦੱਸਿਆ ਕਿ ਆਲ ਪੰਜਾਬੀ ਖੱਤਰੀ ਸਭਾ ਪੰਜਾਬ ਦੇ ਪ੍ਰਧਾਨ ਡਾ. ਸਰਵਰਦਾਨੰਦ ਆਰੀਆ ਨੇ ਕਸ਼ਮੀਰ ਤੋਂ ਕੰਨਿਆਕੁਮਾਰੀ ਅਤੇ ਪੰਜਾਬ ਤੋਂ ਬੰਗਾਲ-ਅਸਾਮ ਤੱਕ ਵਸੇ ਪੰਜਾਬੀ ਖੱਤਰੀ-ਅਰੋੜਾ ਭਾਈਚਾਰੇ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ ਜਨਗਣਨਾ ਸਮੇਂ ਜਾਤ ਨਾਲ ਸਬੰਧਤ ਕਾਲਮ ਨੰਬਰ 74 ਵਿੱਚ ਆਪਣੀ ਜਾਤੀ ਖੱਤਰੀ ਅਤੇ ਭਾਸ਼ਾ ਪੰਜਾਬੀ ਦਰਜ ਕਰਵਾਉਣ ਕਿਉਂਕਿ ਪੰਜਾਬੀ ਸਾਡੀ ਮਾਤ੍ਰ ਭਾਸ਼ਾ ਹੈ ਅਤੇ ਅਰੋੜਾ ਖੱਤਰੀ ਸਮਾਜ ਦਾ ਇੱਕ ਵੰਸ਼ ਹੈ ਅਤੇ ਕੋਈ ਵੱਖਰੀ ਜਾਤੀ ਨਹੀਂ ਹੈ। ਜੇਕਰ ਕਿਸੇ ਨੇ ਗਲਤੀ ਨਾਲ ਵੀ ਜਾਤੀ ਅਰੋੜਾ ਵਜੋਂ ਦਰਜ ਕਰਵਾਈ, ਤਾਂ ਦੇਸ਼ ਭਰ ਵਿੱਚ ਲਗਭਗ 12 ਕਰੋੜ ਖੱਤਰੀ ਭਾਈਚਾਰੇ ਤੋਂ ਵੱਖ ਗਿਣਿਆ ਜਾਵੇਗਾ। ਜਿਸਦਾ ਸੰਤਾਪ ਭਵਿੱਖ ਵਿੱਚ ਬਹੁਗਿਣਤੀ





ਅਰੋੜਾ ਭਾਈਚਾਰੇ ਨੂੰ ਮਿਲਣ ਵਾਲੇ ਲਾਭਾਂ ਤੋਂ ਵਾਂਝੇ ਰਹਿ ਕੇ ਭੋਗਣਾ ਪਵੇਗਾ। ਗੁੱਡ ਬਜਾਜ ਅਤੇ ਦਵਿੰਦਰ ਭੱਲਾ ਨੇ ਕਿਹਾ ਕਿ ਜਾਤੀ ਜਨਗਣਨਾ ਦੀ ਮੰਗ ਕਰਦੇ ਹੋਏ, ਰਾਹੁਲ ਗਾਂਧੀ ਨੇ ਸਪੱਸ਼ਟ ਤੌਰ 'ਤੇ ਕਿਹਾ ਸੀ ਕਿ ਜਿੰਨੀ ਜ਼ਿਆਦਾ ਗਿਣਤੀ, ਓਨਾ ਹੀ ਜ਼ਿਆਦਾ ਹਿੱਸੇਦਾਰੀ। ਯਾਨੀ, ਕਿਸੇ ਜਾਤੀ ਕੋਲ ਜਿੰਨੀ ਜ਼ਿਆਦਾ ਗਿਣਤੀ ਹੋਵੇਗੀ, ਦੇਸ਼ ਦੇ ਸਰੋਤਾਂ 'ਤੇ ਉਸ ਦੇ ਓਨੇ ਹੀ ਜ਼ਿਆਦਾ ਅਧਿਕਾਰ ਹੋਣਗੇ। ਇਸ ਪੱਖੋਂ, ਇਹ ਇੱਕ ਸੁਨਹਿਰੀ ਮੌਕਾ ਹੈ ਜਦੋਂ ਦੇਸ਼ ਭਰ ਵਿੱਚ ਰਹਿੰਦੇ ਪੰਜਾਬੀ ਖੱਤਰੀ ਭਾਈਚਾਰੇ ਦੇ ਲੋਕ ਆਪਣੀ ਏਕਤਾ ਅਤੇ ਤਾਕਤ ਦਾ ਪ੍ਰਦਰਸ਼ਨ ਕਰ ਸਕਦੇ ਹਨ। ਇਸ ਮੌਕੇ ਖੱਤਰੀ ਸਭਾ ਫਗਵਾੜਾ ਦੇ ਜਨਰਲ ਸਕੱਤਰ ਸ਼ੰਕਰ ਝਾਂਜੀ, ਮੀਤ ਪ੍ਰਧਾਨ ਵਿਤਿਨ ਪੁਰੀ, ਭਾਰਤ ਭੂਸ਼ਣ ਬੇਦੀ ਕੈਸ਼ੀਅਰ, ਅਮੋਗ ਸੋਬਤੀ, ਸੰਜੇ ਭੰਡਾਰੀ, ਭੀਸ਼ਮ ਬੇਦੀ, ਸੁਭਾਸ਼ ਮੁਰਗਈ, ਰਾਕੇਸ਼ ਵਡੇਰਾ, ਸੰਜੀਵ ਘਈ ਲੱਕੀ, ਡਾ: ਅਜੇ ਓਹਰੀ ਆਦਿ ਹਾਜ਼ਰ ਸਨ। ਤਸਵੀਰ ਸਮੇਤ।

# ਜਵਾਹਰ ਨਵੋਦਿਆ ਵਿਦਿਆਲਿਆ ਮਸੀਤਾਂ ਦੇ ਬੱਚਿਆਂ ਮਾਰੀਆਂ ਮੱਲ੍ਹਾਂ



ਫਗਵਾੜਾ-ਕਪੂਰਥਲ (ਸੁਸ਼ੀਲ ਸ਼ਰਮਾ) ਪੀ.ਐਮ. ਸ੍ਰੀ ਸਕੂਲ ਜੇ.ਐਨ. ਵੀ ਮਸੀਤਾਂ ਦੇ ਪ੍ਰਿੰਸੀਪਲ ਸ਼੍ਰੀ ਅਸ਼ੋਕ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਕੂਲ ਵਿਚ ਹੋਈ ਬਾਹਰਵੀਂ ਜਮਾਤ ਦੀ ਸੀ.ਬੀ.ਐਸ.ਈ.ਦੀ ਪ੍ਰੀਖਿਆ ਦਾ ਨਤੀਜਾ 100 ਪ੍ਰਤੀਸ਼ਤ ਰਿਹਾ ਹੈ । ਉਨ੍ਹਾਂ ਦੱਸਿਆ ਕਿ ਬਾਹਰਵੀਂ ਜਮਾਤ ਵਿਚ ਕੁੱਲ 60 ਬੱਚਿਆਂ ਨੇ ਇਮਤਿਹਾਨ ਦਿੱਤਾ ਲ ਜਿਸ ਵਿਚ ਸਾਇੰਸ ਦੇ 09,ਕਾਮਰਸ ਦੇ 21 ਅਤੇ ਆਰਟਸ ਦੇ 30 ਵਿਦਿਆਰਥੀ ਸਨ। ਸਾਇੰਸ ਦੀ ਵਿਦਿਆਰਥਣ ਸ਼ਾਇਨਦੀਪ ਕੌਰ ਨੇ 80.4 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਕਾਮਰਸ ਵਿਚ ਕੁਮਾਰੀ ਹਿਮਾਨੀ ਨੇ 87.66 ਪ੍ਰਤੀਸ਼ਤ ਅੰਕ ਹਾਸਲ ਕਰਕੇ ਅਤੇ ਆਰਟਸ ਵਿਚ ਕੁਮਾਰੀ ਪਲਕਪ੍ਰੀਤ ਕੌਰ ਨੇ 87.2 ਪ੍ਰਤੀਸ਼ਤ ਅੰਕ ਹਾਸਲ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀ ਵੀ.ਕੇ.ਰਘੁਵੰਸ਼ੀ ਵੱਲੋ ਸਾਰੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਵਧਾਈ ਦਿੱਤੀ ਗਈ।

# ਧਨੀ ਪਿੰਡ ਸਕੂਲ ਚ ਕਰਵਾਇਆ ਗਿਆ ਅੱਖਾਂ ਦਾਨ ਮਹਾਂਦਾਨ ਵਿਸੇ ਤੇ ਜਾਗਰੂਕਤਾ ਸੈਮੀਨਾਰ



ਫਗਵਾੜਾ-ਧਨੀ ਪਿੰਡ ( ਸੁਸ਼ੀਲ ਸ਼ਰਮਾ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਨੀ ਪਿੰਡ ਵਿਖੇ ਪ੍ਰਿੰਸੀਪਲ ਹਰਮੇਸ਼ ਲਾਲ ਘੇੜ੍ਹਾ (ਸਟੇਟ ਅਵਾਰਡੀ) ਦੀ ਅਗਵਾਈ ਵਿੱਚ ਅੱਖਾਂ ਦਾਨ ਮਹਾਂਦਾਨ ਵਿਸੇ ਤੇ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ ਪੁਨਰਜੋਤ ਸੰਸਥਾ ਦੇ ਇੰਟਰਨੈਸ਼ਨਲ ਕੋਡੀਨੇਟਰ ਅਸ਼ੋਕ ਮਹਿਰਾ ਮਹਿਰਾ ਆਪਣੀ ਧਰਮ ਪਤਨੀ ਕਮਾਲ ਮਹਿਰਾ ਤੇ ਬੇਟੀ ਮੁਸਕਾਨ ਮਹਿਰਾ ਨਾਲ ਹਾਜਰ ਹੋਏ। ਅਸ਼ੋਕ ਮਹਿਰਾ ਨੇ ਅੱਖਾਂ ਦਾਨ ਕਰਨ ਦੀ ਮਹੱਤਤਾ ਅਤੇ ਲੋੜ ਬਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਡਮੁੱਲੀ ਜਾਣਕਾਰੀ ਦਿੱਤੀ। ਸੈਮੀਨਾਰ ਨੂੰ ਮੁੱਖ ਤੌਰ ਤੇ ਮੁਸਕਾਨ ਮਹਿਰਾ ਜੋ ਕਿ ਬੀ.ਐਸ ਸੀ ਆਨਰਜ਼-ਸਾਈਕਾਲੋਜੀ ਅਤੇ ਬਿਹੇਵੀਆਰ ਦੀ ਪੜ੍ਹਾਈ ਦੇਹਰਾਦੂਨ ਯੂਨੀਵਰਸਿਟੀ ਤੋਂ ਕੇ ਰਹੇ ਹਨ, ਨੇ ਕੰਡਕਟ ਕੀਤਾ। ਇਸ ਮੌਕੇ ਤੇ ਮੁਸਕਾਨ ਮਹਿਰਾ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਇਸ ਵੇਲੇ ਭਾਰਤ ਵਿੱਚ ਹਜ਼ਾਰਾਂ ਲੋਕ ਅਜਿਹੇ ਹਨ,ਜਿਨਾਂ ਦੀ ਅੱਖਾਂ ਦੀ ਰੌਸ਼ਨੀ ਨਹੀਂ ਹੈ ਅਤੇ ਉਹ ਇਸ ਰੰਗਲੀ ਦੁਨੀਆਂ ਨੂੰ ਦੇਖ ਨਹੀਂ ਸਕਦੇ। ਜੇਕਰ ਅਸੀਂ ਅੱਖਾਂ ਦਾਨ ਕਰਨ ਦਾ ਪ੍ਰਣ ਕਰੀਏ ਤਾਂ ਹਜ਼ਾਰਾਂ ਲੋਕਾਂ ਨੂੰ ਇਹ ਦੁਨੀਆ ਦੇਖਣ ਦਾ ਮੌਕਾ ਮਿਲੇਗਾ ਅਤੇ ਸਾਡੀ ਮੌਤ ਤੋਂ ਬਾਅਦ ਵੀ ਸਾਡੀਆਂ ਅੱਖਾਂ ਜਿਉਂਦੀਆਂ ਰਹਿਣਗੀਆਂ। ਇਸ ਮੌਕੇ ਤੇ ਕਈ ਅਧਿਆਪਕਾਂ ਨੇ ਅੱਖਾਂ ਦਾਨ ਕਰਨ ਦੇ ਫਾਰਮ ਭਰੇ। ਪ੍ਰਿੰਸੀਪਲ ਹਰਮੇਸ਼ ਘੇੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ,ਕਿ ਅੱਖਾਂ ਕੁਦਰਤ ਦੀ ਬਖ਼ਸ਼ੀ ਹੋਈ ਇੱਕ ਵਡਮੁੱਲੀ ਦਾਤ ਹੈ ਅਤੇ ਇਨਸਾਨ ਦੀ ਮੌਤ ਤੋਂ ਬਾਅਦ ਇਹ ਉਸ ਦੇ ਨਾਲ ਹੀ ਸੜ ਕੇ ਸੁਆਹ ਹੋ ਜਾਂਦੀਆਂ ਹਨ,ਸੋ ਸਾਨੂੰ ਇਹਨਾਂ ਨੂੰ ਦਾਨ ਕਰਕੇ ਕਿਸੇ ਦੀ ਜ਼ਿੰਦਗੀ ਨੂੰ ਰੌਸ਼ਨ ਕਰਨਾ ਚਾਹੀਦਾ ਹੈ। ਇਸ ਮੌਕੇ ਤੇ ਰਿਸ਼ੀ ਕੁਮਾਰ ਵਾਈਸ ਪ੍ਰਿੰਸੀਪਲ, ਲੈਕ. ਕੁਲਵੰਤ ਰਾਮ,ਲੈਕ. ਤੀਰਥ ਸਿੰਘ ਬਾਸੀ,ਲੈਕ.ਵਿਦਿਆ ਸਾਗਰ,ਕੋਚ ਹਰਮੇਸ਼ ਲਾਲ,ਮੁਨੀਸ਼ ਕੁਮਾਰ,ਜਸਵਿੰਦਰ ਸਾਂਪਲਾ,ਮਦਨ ਲਾਲ,ਮੰਜੂ ਰਾਣੀ, ਸੀਮਾ ਦੇਵੀ,ਅੰਸ਼ੂ ਸੱਭਰਵਾਲ,ਸਰਬਜੀਤ ਕੌਰ,ਸੁਰੁਚੀ ਲੂਥਰਾ,ਸੁਖਵੀਰ ਕੌਰ,ਜਸਵੀਰ ਕੌਰ,ਰਜਨੀ ਸੂਦ ਤੋਂ ਇਲਾਵਾ ਸਮੂਹ ਵਿਦਿਆਰਥੀ ਹਾਜਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਅੱਜ 4 ਘੰਟੇ ਸਕੂਲ ਖੋਲਣ ਦੇ ਆਦੇਸ਼ ਜਾਰੀ

ਅੰਮ੍ਰਿਤਸਰ-)- ਭਾਰਤ ਪਾਕਿਸਤਾਨ ਦੇ ਵਿਚਾਲੇ ਪਿਛਲੇ ਦਿਨੀ ਜੰਗ ਦੇ ਦੌਰਾਨ ਬੰਦ ਰਹੇ ਸਕੂਲ,ਕਾਲਜ ਤੇ ਹੋਰ ਵਿੱਦਿਅਕ ਅਦਾਰਿਆਂ ਦਾ ਦੋ ਘੰਟੇ ਸਮਾਂ ਘਟਾਉਂਦੇ ਹੋਏ 14 ਮਈ ਦਿਨ ਬੁੱਧਵਾਰ ਨੂੰ ਸਵੇਰੇ 10-30 ਵਜੇ ਤੋਂ ਦੁਪਹਿਰ 2-30 ਵਜੇ ਤੱਕ ਸਕੂਲ ਖੁੱਲੇ ਰਹਿਣਗੇ। ਇਹ ਆਦੇਸ਼ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਵੱਲੋਂ ਜਾਰੀ ਕੀਤੇ ਗਏ। ਸ਼ਹਿਰ ਵਾਸੀਆਂ ਨੂੰ ਦਿੱਤੇ ਸੁਨੇਹੇ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਰਾਤ 8 ਵਜੇ ਤੋਂ ਗਲੀਆਂ ਅਤੇ ਸੜਕਾਂ ਦੀਆਂ ਲਾਈਟਾਂ ਨੂੰ ਬੰਦ ਕਰ ਦਿੱਤਾ ਜਾਵੇਗਾ। ਪਰ ਸ਼ਹਿਰ ਵਾਸੀ ਆਪਣੀ ਸਵੈ ਇੱਛਾ ਦੇ ਚਲਦਿਆਂ ਬਾਹਰੀ ਰੋਸ਼ਨੀ ਆਉਣ ਵਾਲੀਆਂ ਲਾਈਟਾਂ ਨੂੰ ਆਪਣੇ ਤੌਰ ਤੇ ਬੰਦ ਰੱਖਣਗੇ ਅਤੇ ਅੰਦਰ ਉਹੀ ਜ਼ਰੂਰੀ ਲਾਈਟ ਜਗਾਉਣਗੇ ਜਿਸ ਦਾ ਬਾਹਰ ਚਾਨਣ ਨਾ ਹੋ ਸਕੇ। ਉਹਨਾਂ ਨੇ ਕਿਹਾ ਕਿ ਅਗਰ ਕਈ ਲੋਕ ਇਹਨਾਂ ਦੀ ਪਾਲਣਾ ਨਹੀਂ ਕਰਨਗੇ ਤਾਂ ਮਜਬੂਰਨ ਲਾਈਟ ਬੰਦ ਕਰ ਦਿੱਤੀ ਜਾਵੇਗੀ। ਉਨਾਂ ਨੇ ਕਿਹਾ ਕਿ ਇਹ ਸੁਨੇਹਾ ਮੌਕ ਡਰਿਲ ਦੇ ਤਹਿਤ ਆਪਸੀ ਸੁਰੱਖਿਆ ਅਤੇ ਸਹਿਯੋਗ ਦੇ ਲਈ ਹੈ। ਫਿਲਹਾਲ ਰੈਡ ਅਲਰਟ ਚੱਲ ਰਿਹਾ ਹੈ ਸੋ ਖੁਦ ਅਤੇ ਆਪਣੇ ਪਰਿਵਾਰ ਨੂੰ ਸੁਰੱਖਿਅਤ ਰੱਖਦੇ ਹੋਏ ਸ਼ੀਸ਼ੇ ਦੀਆਂ ਬਾਰੀਆਂ ਤੋਂ ਦੂਰ ਰਹਿ ਕੇ ਮਹਿਫੂਜ਼ ਰੱਖਿਆ ਜਾਵੇ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਹਿਊਮਨ ਰਾਈਟਸ ਕੌਂਸਲ (ਇੰਡੀਆ) ਨੇ ਨਾਇਬ ਤਹਿਸੀਲਦਾਰ ਗੁਰਚਰਨ ਸਿੰਘ ਦੀ ਨਿਯੁਕਤੀ ਦਾ ਕੀਤਾ ਸਵਾਗਤ



ਫਗਵਾੜਾ ( ਸੁਸ਼ੀਲ ਸ਼ਰਮਾ ) ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਜ਼ਿਲ੍ਹਾ ਕਪੂਰਥਲਾ ਪ੍ਰਧਾਨ ਆਸ਼ੂ ਮਾਰਕੰਡਾ ਅਤੇ ਕੌਂਸਲ ਦੇ ਐਂਟੀ ਕੁਰੱਪਸ਼ਨ ਸੈੱਲ ਜਿਲ੍ਹਾ ਕਪੂਰਥਲਾ ਦੇ ਪ੍ਰਧਾਨ ਨੰਦ ਸੋਨੀ ਤੇ ਜਿਲ੍ਹਾ ਮੀਤ ਪ੍ਰਧਾਨ ਸੰਜੀਵ ਕੁਮਾਰ ਮਿੰਚੂ ਨੇ ਅੱਜ ਨਵ-ਨਿਯੁਕਤ ਨਾਇਬ ਤਹਿਸੀਲਦਾਰ ਗੁਰਚਰਨ ਸਿੰਘ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਪਰੋਕਤ ਅਹੁਦੇਦਾਰਾਂ ਨੇ ਗੁਰਚਰਨ ਸਿੰਘ ਨੂੰ ਸਿਰੋਪਾ ਪਾ ਕੇ ਫਗਵਾੜਾ 'ਚ ਨਿਯੁਕਤੀ ਦਾ ਸਵਾਗਤ ਕੀਤਾ। ਆਸ਼ੂ ਮਾਰਕੰਡਾ ਨੇ ਨਾਇਬ ਤਹਿਸੀਲਦਾਰ ਦਾ ਧਿਆਨ ਫਗਵਾੜਾ ਤਹਿਸੀਲ ਵਿੱਚ ਆਮ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਵੱਲ ਦੁਵਾਇਆ ਅਤੇ ਜਨਤਕ ਹਿੱਤਾਂ ਨਾਲ ਸਬੰਧਤ ਕੁਝ ਸੁਝਾਅ ਵੀ ਦਿੱਤੇ ਤਾਂ ਜੋ ਤਹਿਸੀਲ ਵਿੱਚ ਕੰਮ ਕਰਵਾਉਣ ਲਈ ਆਉਣ ਵਾਲੇ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ। ਆਸ਼ੂ ਮਾਰਕੰਡਾ ਅਨੁਸਾਰ, ਨਾਇਬ ਤਹਿਸੀਲਦਾਰ ਗੁਰਚਰਨ ਸਿੰਘ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਹੈ ਕਿ ਮਾਲ ਵਿਭਾਗ ਦੇ ਕੰਮਕਾਜ ਵਿੱਚ ਜ਼ਰੂਰੀ ਸੁਧਾਰ ਕੀਤੇ ਜਾਣਗੇ। ਸਰਕਾਰ ਨਾਲ ਸਬੰਧਤ ਜਨਤਾ ਦੀਆਂ ਸਮੱਸਿਆਵਾਂ ਨੂੰ ਸੀਨੀਅਰ ਅਧਿਕਾਰੀਆਂ ਦੀ ਮੱਦਦ ਨਾਲ ਸਰਕਾਰ ਤੱਕ ਪਹੁੰਚਾਇਆ ਜਾਵੇਗਾ ਤਾਂ ਜੋ ਸਾਰੀਆਂ ਸਮੱਸਿਆਵਾਂ ਦਾ ਸਹੀ ਢੰਗ ਨਾਲ ਹੱਲ ਹੋ ਸਕੇ। ਉਨ੍ਹਾਂ ਕਿਹਾ ਕਿ ਤਹਿਸੀਲ ਕੰਪਲੈਕਸ ਵਿੱਚ ਜਨਤਾ ਨੂੰ ਹਰ ਜ਼ਰੂਰੀ ਸਹੂਲਤ ਪ੍ਰਦਾਨ ਕਰਨਾ ਉਨ੍ਹਾਂ ਦੀ ਤਰਜੀਹ ਹੈ। ਇਸ ਦੌਰਾਨ ਨੰਦ ਸੋਨੀ ਅਤੇ ਸੰਜੀਵ ਕੁਮਾਰ ਮਿੰਚੂ ਨੇ ਵਿਸ਼ਵਾਸ ਪ੍ਰਗਟਾਇਆ ਕਿ ਨਾਇਬ ਤਹਿਸੀਲਦਾਰ ਉਨ੍ਹਾਂ ਦੇ ਸੁਝਾਵਾਂ ਨੂੰ ਗੰਭੀਰਤਾ ਨਾਲ ਲੈਣਗੇ ਅਤੇ ਲੋੜੀਂਦੇ ਸੁਧਾਰਾਂ ਨਾਲ, ਫਗਵਾੜਾ ਤਹਿਸੀਲ ਵਿੱਚ ਆਮ ਲੋਕਾਂ ਨੂੰ ਬਿਹਤਰ ਸਹੂਲਤਾਂ ਮਿਲਣਗੀਆਂ।

# ਸਰਬ ਨੌਜਵਾਨ ਸਭਾ ਨੇ ਨਗਰ ਸੁਧਾਰ ਟਰੱਸਟ ਫਗਵਾੜਾ ਦੇ ਨਵ ਨਿਯੁਕਤ ਚੇਅਰਮੈਨ ਜਰਨੈਲ ਨੰਗਲ ਨੂੰ ਕੀਤਾ ਸਨਮਾਨਤ



ਫਗਵਾੜਾ ( ਸੁਸ਼ੀਲ ਸ਼ਰਮਾ ) ਸਰਬ ਨੌਜਵਾਨ ਸਭਾ ਰਜਿ. ਫਗਵਾੜਾ ਦਾ ਇਕ ਵਫ਼ਦ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਤੇ ਸਲਾਹਕਾਰ ਬੋਰਡ ਦੇ ਮੈਂਬਰ ਸੰਤੋਸ਼ ਕੁਮਾਰ ਗੋਗੀ ਦੀ ਅਗਵਾਈ ਹੇਠ ਨਗਰ ਸੁਧਾਰ ਟਰੱਸਟ ਦੇ ਨਵ ਨਿਯੁਕਤ ਚੇਅਰਮੈਨ ਜਰਨੈਲ ਨੰਗਲ ਨੂੰ ਮਿਲਿਆ। ਇਸ ਦੌਰਾਨ ਸਭਾ ਦੇ ਸਮੂਹ ਆਗੂਆਂ ਨੇ ਜਰਨੈਲ ਨੰਗਲ ਨੂੰ ਚੇਅਰਮੈਨ ਬਣਨ 'ਤੇ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਸ਼੍ਰੀ ਦਰਬਾਰ ਸਾਹਿਬ ਦੀ ਤਸਵੀਰ ਅਤੇ ਸ਼ਾਲ ਭੇਂਟ ਕਰਕੇ ਸਨਮਾਨਤ ਕੀਤਾ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਆਸ ਪ੍ਰਗਟਾਈ ਕਿ ਬਤੌਰ ਚੇਅਰਮੈਨ ਜਰਨੈਲ ਨੰਗਲ ਨਗਰ ਸੁਧਾਰ ਟਰੱਸਟ ਰਾਹੀਂ ਸ਼ਹਿਰ ਦੇ ਵਿਕਾਸ ਦਾ ਪੁਰਜੋਰ ਯਤਨ ਕਰਨਗੇ। ਸੰਤੋਸ਼ ਕੁਮਾਰ ਗੋਗੀ ਨੇ ਕਿਹਾ ਕਿ ਉਹ ਨਗਰ ਸੁਧਾਰ ਟਰੱਸਟ ਦੇ ਮੈਂਬਰ ਵਜੋਂ ਚੇਅਰਮੈਨ ਜਰਨੈਲ ਨੰਗਲ ਨੂੰ ਸ਼ਹਿਰ ਦੇ ਹਿੱਤ 'ਚ ਆਪਣਾ ਹਰ ਸੰਭਵ ਸਹਿਯੋਗ ਦਿੰਦੇ ਰਹਿਣਗੇ। ਚੇਅਰਮੈਨ ਜਰਨੈਲ ਨੰਗਲ ਨੇ ਸਭਾ ਦੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਸਭਾ ਦੇ ਸਮਾਜ ਸੇਵੀ ਕਾਰਜਾਂ ਵਿਚ ਉਹ ਵੀ ਆਪਣਾ ਬਣਦਾ ਯੋਗਦਾਨ ਦਿੰਦੇ ਰਹਿਣਗੇ ਅਤੇ ਸਰਕਾਰ ਨੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਦੀ ਜੋ ਜ਼ਿੰਮੇਵਾਰੀ ਸੌਂਪੀ ਹੈ ਉਸ ਨੂੰ ਵੀ ਪੂਰੀ ਤਨਦੇਹੀ ਨਾਲ ਨਿਭਾਉਂਦੇ ਹੋਏ ਲੋਕ ਸੇਵਾ ਲਈ ਹਰ ਵੇਲੇ ਹਾਜ਼ਰ ਰਹਿਣਗੇ। ਵਫਦ ਵਿਚ ਸਭਾ ਦੇ ਜਨਰਲ ਸਕੱਤਰ ਡਾ. ਵਿਜੈ ਕੁਮਾਰ, ਉਪ ਪ੍ਰਧਾਨ ਰਾਜ ਕੁਮਾਰ ਕਨੌਜੀਆ, ਉਪ ਪ੍ਰਧਾਨ ਸਵਰਨ ਸਿੰਘ, ਸਮਾਜ ਸੇਵਕ ਮਦਨ ਲਾਲ ਕੋਰੋਟਾਨੀਆ, ਪਰਮਜੀਤ ਰਾਏ, ਹਰਕਮਲ ਬਸਰਾ ਪਹਿਲਵਾਨ ਡੇਅਰੀ ਐਂਡ ਸਵੀਟ ਸ਼ਾਪ, ਗੁਰਸ਼ਰਨ ਬਾਸੀ, ਗੁਲਸ਼ਨ ਕਪੂਰ ਸ਼ਾਮਲ ਸਨ।

# ਬੰਗੜ ਜਠੇਰਿਆਂ ਦਾ 28ਵਾਂ ਸਲਾਨਾ ਜੋੜ ਮੇਲਾ ਪਿੰਡ ਸਾਹਨੀ ਵਿਖੇ 18 ਮਈ ਨੂੰ




ਫਗਵਾੜਾ ( ਸੁਸ਼ੀਲ ਸ਼ਰਮਾ ) ਜਠੇਰੇ ਬੰਗੜ ਵੈਲਫੇਅਰ ਕਮੇਟੀ (ਰਜਿ.) ਵਲੋਂ ਬੰਗੜ ਜਠੇਰਿਆਂ ਦਾ 28ਵਾਂ ਸਲਾਨਾ ਜੋੜ ਮੇਲਾ 18 ਮਈ ਦਿਨ ਐਤਵਾਰ ਨੂੰ ਮਲਕਪੁਰ ਰੋਡ ਪਿੰਡ ਸਾਹਨੀ ਤਹਿਸੀਲ ਫਗਵਾੜਾ ਵਿਖੇ ਕਮੇਟੀ ਪ੍ਰਧਾਨ ਬਹਾਦਰ ਸਿੰਘ ਬੰਗੜ ਪਿੰਡ ਕਿਸ਼ਨਪੁਰ ਦੀ ਅਗਵਾਈ ਹੇਠ ਸਮੂਹ ਬੰਗੜ ਪਰਿਵਾਰਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਪੂਰਵਕ ਕਰਵਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਬਹਾਦਰ ਸਿੰਘ ਬੰਗੜ, ਮੀਤ ਪ੍ਰਧਾਨ ਰਾਜਕੁਮਾਰ ਬੰਗੜ ਅਤੇ ਜਨਰਲ ਸਕੱਤਰ ਸੰਤੋਖ ਦਾਸ ਬੰਗੜ ਨੇ ਦੱਸਿਆ ਕਿ 18 ਮਈ ਦਿਨ ਐਤਵਾਰ ਨੂੰ ਸਵੇਰੇ 11.30 ਵਜੇ ਸ੍ਰੀ ਨਿਸ਼ਾਨ ਸਾਹਿਬ ਰਸਮ ਉਪਰੰਤ ਸਰਬੱਤ ਦੇ ਭਲੇ ਅਤੇ ਬੰਗੜ ਪਰਿਵਾਰਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਤੋਂ ਬਾਅਦ ਵੱਡੇ ਵਢੇਰਿਆਂ ਦਾ ਅਸ਼ੀਰਵਾਦ ਲਿਆ ਜਾਵੇਗਾ। ਉਪਰੰਤ ਧਾਰਮਿਕ ਅਤੇ ਸੱਭਿਆਚਾਰਕ ਸਟੇਜ ਸਜਾਈ ਜਾਵੇਗੀ। ਜਿਸ ਵਿਚ ਗਾਇਕ ਕਲਾਕਾਰ ਮਹਿੰਦਰ ਪਾਲ ਬੰਗੜ ਐਂਡ ਮਿਊਜਿਕਲ ਗਰੁੱਪ ਜੰਡ ਸਰਾਏ ਤੋਂ ਇਲਾਵਾ ਹੋਰ ਕਲਾਕਾਰ ਆਪਣੇ ਫਨ ਦਾ ਮੁਜਾਹਰਾ ਕਰਨਗੇ। ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੌਰਾਨ ਚਾਹ ਪਕੌੜੇ, ਠੰਡੇ ਮਿੱਠੇ ਜਲ ਦੀ ਛਬੀਲ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਉਹਨਾਂ ਸਮੂਹ ਬੰਗੜ ਪਰਿਵਾਰਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਇਸ ਸਲਾਨਾ ਜੋੜ ਮੇਲੇ ਵਿਚ ਪਰਿਵਾਰਾਂ ਸਮੇਤ ਹਾਜਰੀ ਲਗਵਾ ਕੇ ਵੱਡੇ ਵਢੇਰਿਆਂ ਦਾ ਅਸ਼ੀਰਵਾਦ ਪ੍ਰਾਪਤ ਕਰਨ। ਇਸ ਮੌਕੇ ਕਮੇਟੀ ਦੇ ਸਹਿ ਸਕੱਤਰ ਰਾਕੇਸ਼ ਕੁਮਾਰ ਬੰਗੜ ਚੱਕ ਪ੍ਰੇਮਾ, ਵਰਿੰਦਰ ਕੁਮਾਰ ਬੰਗੜ ਕੈਸ਼ੀਅਰ, ਜੁਆਇੰਟ ਕੈਸ਼ੀਅਰ ਰਾਜਕੁਮਾਰ ਬੰਗੜ ਤੋਂ ਇਲਾਵਾ ਜਸਵਿੰਦਰ ਸਿੰਘ ਬੰਗੜ, ਅਜੇ ਕੁਮਾਰ ਬੰਗੜ, ਧਰਮਪਾਲ ਬੰਗੜ, ਧਰਮਪਾਲ ਬੰਗੜ, ਪ੍ਰਿਥਵੀ ਪਾਲ ਬੰਗੜ, ਨੀਲਮ ਕੁਮਾਰ ਬੰਗੜ, ਮਾਸਟਰ ਤਰਸੇਮ ਲਾਲ ਬੰਗੜ, ਸਾਬਕਾ ਪ੍ਰਧਾਨ ਮਨੋਹਰ ਲਾਲ, ਹਰਮੇਸ਼ ਕੁਮਾਰ ਬੰਗੜ ਸਾਬਕਾ ਸਰਪੰਚ ਅਤੇ ਬਾਪੂ ਦਰਸ਼ਨ ਸਿੰਘ ਬੰਗੜ ਆਦਿ ਹਾਜਰ ਸਨ।

# ਚੁੱਘ ਨੇ ਮਜੀਠਾ ਜ਼ਹਿਰੀਲੀ ਸ਼ਰਾਬ ਦੁਖਾਂਤ ਦੀ ਨਿਆਂਇਕ ਜਾਂਚ ਦੀ ਮੰਗ ਕੀਤੀ



ਅੰਮ੍ਰਿਤਸਰ/ਚੰਡੀਗੜ੍ਹ - ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਮਜੀਠਾ ਵਿੱਚ ਵਾਪਰੀ ਦੁਖਾਂਤ ਜ਼ਹਿਰੀਲੀ ਸ਼ਰਾਬ ਘਟਨਾ ਤੇ ਡੂੰਘਾ ਸਦਮਾ ਪ੍ਰਗਟ ਕੀਤਾ ਹੈ। ਜਿਸ ਵਿੱਚ 15 ਵਿਅਕਤੀਆਂ ਦੀ ਜਾਨ ਚਲੀ ਗਈ। ਉਨ੍ਹਾਂ ਨੇ ਇਸ ਘਟਨਾ ਦੀ ਨਿਆਂਇਕ ਜਾਂਚ ਦੀ ਮੰਗ ਕੀਤੀ ਹੈ ਅਤੇ ਇਸਨੂੰ ਆਪ ਸਰਕਾਰ ਦੀ ਅਕੁਸ਼ਲਤਾ ਅਤੇ ਢਹਿ-ਢੇਰੀ ਹੋ ਰਹੇ ਸ਼ਾਸਨ ਢਾਂਚੇ ਦਾ ਸਿੱਧਾ ਨਤੀਜਾ ਦੱਸਿਆ ਹੈ।

ਚੁੱਘ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਜ਼ੋਰਦਾਰ ਨਿੰਦਾ ਕਰਦੇ ਹੋਏ ਕਿਹਾ ਕਿ ਇਸ ਦੁਖਾਂਤ ਨੇ ਆਪ ਦੇ ਕੁਸ਼ਾਸਨ ਹੇਠ ਪੰਜਾਬ ਨੂੰ ਇੱਕ ਵਾਰ ਫਿਰ ਕੌਮੀ ਸ਼ਰਮਿੰਦਗੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਨੇ ਪੰਜਾਬ ਵਿੱਚ ਵਧਦੇ ਗੈਰ-ਕਾਨੂੰਨੀ ਸ਼ਰਾਬ ਦੇ ਵਪਾਰ ਦਾ ਪਰਦਾਫਾਸ਼ ਕੀਤਾ ਹੈ, ਜੋ ਆਪ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਤੋਂ ਹੀ ਤੇਜ਼ੀ ਨਾਲ ਵਧਿਆ ਹੈ। ਉਹੀ ਆਪ ਜਿਸਨੇ ਦਿੱਲੀ ਵਿੱਚ ਸ਼ਰਾਬ ਕਾਰਟੈਲਾਂ ਨੂੰ ਸ਼ਰਧਾਲੂ ਢੰਗ ਨਾਲ ਸਹੂਲਤ ਦਿੱਤੀ ਸੀ, ਹੁਣ ਪੰਜਾਬ ਨੂੰ ਉਸੇ ਭ੍ਰਿਸ਼ਟ ਮਾਡਲ ਦਾ ਭੈੜਾ ਸ਼ਿਕਾਰ ਬਣਾ ਰਹੀ ਹੈ।

ਚੁੱਘ ਨੇ ਜ਼ੋਰ ਦੇ ਕੇ ਕਿਹਾ ਕਿ ਸੱਚਾਈ ਸਾਹਮਣੇ ਲਿਆਉਣ ਅਤੇ ਪੰਜਾਬ ਭਰ ਵਿੱਚ ਸ਼ਰਾਬ ਮਾਫੀਆ ਦੇ ਫੈਲਾਅ ਨੂੰ ਰੋਕਣ ਵਿੱਚ ਸੂਬਾ ਸਰਕਾਰ ਦੀ ਅਸਫਲਤਾ ਲਈ ਜਵਾਬਦੇਹੀ ਤੈਅ ਕਰਨ ਲਈ ਇੱਕ ਪੂਰੀ ਨਿਆਂਇਕ ਜਾਂਚ ਜ਼ਰੂਰੀ ਹੈ।

# ਫਗਵਾੜਾ ਦੀਆਂ ਅਨਾਜ ਮੰਡੀਆਂ 'ਚ 10.13 ਲੱਖ ਕੁਇੰਟਲ ਕਣਕ ਦੀ ਹੋਈ ਖਰੀਦ - ਹਰਜੀ ਮਾਨ





ਫਗਵਾੜਾ ( ਸੁਸ਼ੀਲ ਸ਼ਰਮਾ ) ਮਾਰਕੀਟ ਕਮੇਟੀ ਦਫਤਰ ਫਗਵਾੜਾ ਵਿਖੇ ਅੱਜ ਮੰਡੀ ਮੌਜੂਦਾ ਸੀਜਨ ਦੌਰਾਨ ਕਣਕ ਦੀ ਹੋਈ ਖਰੀਦ ਦੀ ਸਮੀਖਿਆ ਸਬੰਧੀ ਇਕ ਮੀਟਿੰਗ ਕੀਤੀ ਗਈ। ਜਿਸ ਵਿਚ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸ ਪਰਸਨ ਹਰਨੂਰ ਸਿੰਘ ਹਰਜੀ ਮਾਨ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਉਹਨਾਂ ਦੇ ਨਾਲ ਐਸ. ਡੀ.ਐਮ. ਫਗਵਾੜਾ ਜਸ਼ਨਜੀਤ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਤਵਿੰਦਰ ਰਾਮ ਅਤੇ ਮੇਅਰ ਰਾਮਪਾਲ ਉੱਪਲ ਤੇ ਡਿਪਟੀ ਮੇਅਰ ਵਿੱਕੀ ਸੂਦ ਵੀ ਉਚੇਰੇ ਤੌਰ ਤੇ ਮੀਟਿੰਗ ਦੌਰਾਨ ਹਾਜਰ ਆਏ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਨੂਰ ਸਿੰਘ ਮਾਨ ਨੇ ਦੱਸਿਆ ਕਿ ਇਸ ਸਾਲ ਫਗਵਾੜਾ ਦੀਆਂ ਮੰਡੀਆਂ ਚ ਕੁੱਲ 10.13 ਲੱਖ ਕੁਇੰਟਲ ਕਣਕ ਦੀ ਖਰੀਦ ਕੀਤੀ ਗਈ। ਜਿਸ 'ਚ ਹੁਸ਼ਿਆਰਪੁਰ ਰੋਡ ਸਥਿਤ ਮੁੱਖ ਮੰਡੀ ਵਿਖੇ 6 ਲੱਖ 98 ਹਜਾਰ 144 ਕੁਇੰਟਲ, ਮਾਣਕ ਵਾਹਦ ਮੰਡੀ 'ਚ 47 ਹਜਾਰ 456 ਕੁਇੰਟਲ, ਰਾਣੀਪੁਰ ਮੰਡੀ 'ਚ 381 ਕੁਇੰਟਲ, ਰਿਹਾਣਾ ਜੱਟਾਂ ਮੰਡੀ 'ਚ 1 ਲੱਖ 1 ਹਜਾਰ 650 ਕੁਇੰਟਲ, ਜਗਤਪੁਰ ਜੱਟਾਂ ਵਿਖੇ 33 ਹਜਾਰ 126 ਕੁਇੰਟਲ, ਰਾਵਲਪਿੰਡੀ ਮੰਡੀ 'ਚ 40 ਹਜਾਰ 630 ਕੁਇੰਟਲ, ਪਾਂਛਟ ਮੰਡੀ ਵਿੱਚ 33 ਹਜਾਰ 185 ਕੁਇੰਟਲ ਤੇ ਪਲਾਟ ਪਾਂਛਟ 'ਚ 18 ਹਜਾਰ 953 ਜਦਕਿ ਜਗਤਪੁਰ ਜੱਟਾਂ ਅਨਾਜ ਮੰਡੀ 'ਚ 2177 ਕੁਇੰਟਲ ਕਣਕ ਦੀ ਖਰੀਦ ਕੀਤੀ ਗਈ ਹੈ। ਹਰਜੀ ਮਾਨ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਕੁੱਲ ਖਰੀਦੀ ਗਈ ਕਣਕ ਦੀ 98% ਲਿਫਟਿੰਗ ਹੋ ਚੁੱਕੀ ਹੈ ਅਤੇ ਕਿਸਾਨਾਂ ਨੂੰ ਉਹਨਾਂ ਦੀ ਫਸਲ ਦੀ ਸੌ ਫੀਸਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਹਨਾਂ ਮੰਡੀਆਂ 'ਚ ਕਣਕ ਦੀ ਖਰੀਦ ਦੇ ਬਿਹਤਰੀਨ ਪ੍ਰਬੰਧ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਸੂਬਾ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ। ਇਸ ਮੌਕੇ ਸੀਨੀਅਰ ਆਪ ਆਗੂ ਹਰਮੇਸ਼ ਪਾਠਕ, ਕੌਂਸਲਰ ਰਵੀ ਸਿੱਧੂ, ਹਰਪ੍ਰੀਤ ਭੋਗਲ ਨਵਨੀਤ ਉੱਪਲ, ਬਲਬੀਰ ਠਾਕੁਰ ਅਮਨਦੀਪ ਕੌਰ ਤੇ ਸਮਰ ਗੁਪਤਾ ਸਮੇਤ ਖਰੀਦ ਏਜੰਸੀਆਂ ਦੇ ਨੁਮਾਇੰਦੇ ਅਤੇ ਮੰਡੀ ਬੋਰਡ ਦੇ ਅਧਿਕਾਰੀ ਹਾਜਰ ਸਨ।

# ਕਿਡਜ ਕੇਅਰ ਇੰਟਰਨੈਸ਼ਨਲ ਸਕੂਲ ਅਵਾਂਖਾ ਦੀਨਾਨਗਰ ਦਾ ਨਤੀਜਾ ਸ਼ਤ ਪ੍ਰਤੀਸ਼ਤ ਰਿਹਾ।





ਦੀਨਾਨਗਰ (ਡਾ.ਰਮੇਸ਼ ਸਰੰਗਲ ) ਦੀਨਾਨਗਰ ਦੇ ਸੀ.ਬੀ.ਐੱਸ. ਈ. ਦੇ ਘੋਸ਼ਿਤ ਨਤੀਜੇ ਵਿੱਚੋਂ ਕਿਡਜ ਕੇਅਰ ਇੰਟਰਨੈਸ਼ਨਲ ਸਕੂਲ ਦੀਨਾਨਗਰ ਦਾ ਨਤੀਜਾ ਸ਼ਤ ਪ੍ਰਤੀਸ਼ਤ ਰਿਹਾ।

ਪ੍ਰਿੰਸੀਪਲ ਪ੍ਰੋਮਿਲਾ ਮਨਹਾਸ ਨੇ ਦੱਸਿਆ ਕਿ 12ਵੀ ਜਮਾਤ ਦੇ ਨਾਨ ਮੈਡੀਕਲ ਸਟਰੀਮ ਦੇ ਵਿਦਿਆਰਥੀ ਪਰਿਕਸ਼ਿਤ ਪੁੱਤਰ ਸ਼੍ਰੀ ਪ੍ਰਦੀਪ ਸਿੰਘ ਵਾਸੀ ਪਿੰਡ ਚਸ਼ਮਾ ਨੇ 419/500 (84%) ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਮੈਡੀਕਲ ਸਟਰੀਮ ਵਿਚੋਂ ਅਨਨਿਆ ਮਹਾਜਨ ਪੁੱਤਰੀ ਸ੍ਰੀ ਵਿਪਿਨ ਰਾਇ ਮੇਨ ਬਾਜ਼ਾਰ ਕਲਾਨੌਰ ਨੇ 350/500 (70%) ਅੰਕ ਹਾਸਲ ਕੀਤੇ।

ਸਕੂਲ ਦੇ ਪ੍ਰਧਾਨ ਸ਼੍ਰੀ ਅਰਵਿੰਦ ਮਹਿਤਾ ਜੀ, ਸਚਿਵ ਮਧੁਰ ਭਾਸ਼ਿਣੀ, ਮੈਨੇਜਰ ਰਾਜਨ ਮਹਿਤਾ, ਪ੍ਰਿੰਸੀਪਲ ਪ੍ਰੋਮਿਲਾ ਮਨਹਾਸ, ਪੀ. ਆਰ. ਓ. ਸੰਦੀਪ ਠਾਕੁਰ, ਵਿੰਗ ਇਨਚਾਰਜ ਪਾਇਲ ਸ਼ਰਮਾ, ਭਾਰਤੀ ਸ਼ਰਮਾ, ਨਵਜੀਤ ਕੌਰ ਨੇ ਬੱਚਿਆ ਦੀ ਇਸ ਉਪਲੱਬਧੀ ਤੇ ਵਧਾਈ ਦਿੰਦੇ ਹੋਏ।

# ਪੁਲਿਸ ਵਲੋਂ ਜਹਿਰਲੀ ਸ਼ਰਾਬ ਸਪਲਾਈ ਕਰਨ ਦੇ ਦੋਸ਼ ਵਿੱਚ ਹੁਣ ਤੱਕ 7 ਗ੍ਰਿਫਤਾਰ



ਅੰਮ੍ਰਿਤਸਰ, 13 ਮਈ (ਅਰਵਿੰਦਰ ਵੜੈਚ) ਪੰਜਾਬ ਸਰਕਾਰ ਵੱਲੋਂ ਛੇੜੀ ਗਈ ਮੁਹਿਮ ਯੁੱਧ ਨਸ਼ਿਆਂ ਤੇ ਵਿਰੁੱਧ ਦੇ ਅੱਗੇ ਉਸ ਵੇਲੇ ਸਵਾਲੀਆ ਨਿਸ਼ਾਨ ਖੜਾ ਹੋਇਆ ਨਜ਼ਰ ਆਇਆ ਜਦੋਂ ਨਜਾਇਜ਼ ਜਹਰੀਲੀ ਸ਼ਰਾਬ ਦੇ ਸੇਵਨ ਦੇ ਚਲਦਿਆਂ 17 ਲੋਕਾਂ ਦੀ ਮੌਤ ਹੈ। ਪ੍ਰਾਪਤ ਜਾਣਕਾਰੀ ਮੁਤਾਬਿਕ ਮੇਜਰ ਸਿੰਘ ਮੋਦੂ ਪੁੱਤਰ ਪ੍ਰੀਤਮ ਸਿੰਘ,ਪਰਮਜੀਤ ਸਿੰਘ ਪੰਮਾ ਉਰਫ ਲਸ਼ਮਣ ਸਿੰਘ,ਸਰਬਜੀਤ ਸਿੰਘ ਸ਼ੱਬਾ ਪੁੱਤਰ ਮਹਿੰਦਰ ਸਿੰਘ,ਤਸਵੀਰ ਸਿੰਘ ਉਰਫ ਸਿਕੰਦਰ ਸਿੰਘ ਪੁੱਤਰ ਨਿਰਮਲਜੀਤ ਸਿੰਘ ਸਾਰੇ ਵਾਸੀ ਮਰੜੀ ਕਲਾਂ,ਜੋਗਿੰਦਰ ਸਿੰਘ ਉਰਫ ਮੰਨਾ ਪੁੱਤਰ ਚੰਨਨ ਸਿੰਘ, ਕਰਨੈਲ ਸਿੰਘ ਉਰਫ ਮਹੰਤ ਪੁੱਤਰ ਦਲਬੀਰ ਸਿੰਘ,ਜੀਤਾ ਉਰਫ ਸੀਤੀ ਪੁੱਤਰ ਤਾਰੂ ਸਾਰੇ ਵਾਸੀ ਥਰੀਏਵਾਲ ਬਲਬੀਰ ਸਿੰਘ ਪੁੱਤਰ ਪੂਰਨ ਸਿੰਘ,ਰਮਨਦੀਪ ਸਿੰਘ ਪੁੱਤਰ ਕਿਸ਼ੋਰ ਸਿੰਘ, ਰੋਮਨਜੀਤ ਸਿੰਘ ਉਰਫ ਰੰਮੀ ਪੁੱਤਰ ਰਾਜ ਸਿੰਘ ਸਾਰੇ ਵਾਸੀ ਪਿੰਡ ਨਗਲੀ ਨੰਗਲੀ ਕਲਾਂ ਸਮੇਤ ਹੋਰ 17 ਲੋਕਾਂ ਦੀ ਜਹਰੀਲੀ ਸ਼ਰਾਬ ਪੀਣ ਦੇ ਨਾਲ ਮੌਤ ਹੋ ਗਈ ਹੈ। ਜਮਦੂਤ ਰੂਪੀ ਸ਼ਰਾਬ ਦਾ ਅਸਰ ਮਜੀਠਾ ਦੇ ਪਿੰਡ ਮਰੜੀ ਕਲਾਂ,ਜੰਤੀਪੁਰ, ਤਲਵੰਡੀ ਖੁੰਮਣ,ਭੰਗਾਲੀ ਕਲਾਂ,ਪਤੁਲਪੁਰ ਦੇ ਲੋਕਾਂ ਦੇ ਵਿੱਚ ਦੇਖਣ ਨੂੰ ਮਿਲਿਆ। ਜਾਣਕਾਰੀ ਮੁਤਾਬਕ ਜਹਰੀਲੀ ਸ਼ਰਾਬ ਦੀ ਚਪੇਟ ਵਿੱਚ ਆਏ ਕਰੀਬ 10 ਤੋਂ 15 ਲੋਕ ਵੱਖ-ਵੱਖ ਹਸਪਤਾਲਾਂ ਦੇ ਵਿੱਚ ਇਲਾਜ ਅਧੀਨ ਹਨ।

ਤਫਤੀਸ਼ ਦੇ ਦੌਰਾਨ ਪਤਾ ਲੱਗਾ ਕਿ ਪ੍ਰਭਜੀਤ ਸਿੰਘ ਉਰਫ ਬੱਬੂ ਅਤੇ ਕੁਲਬੀਰ ਸਿੰਘ ਉਰਫ ਜੱਗੂ ਦੋਨੋਂ ਪੁੱਤਰ ਅਮਰੀਕ ਸਿੰਘ ਵਾਸੀ ਭੰਗਵਾਂ ਥਾਣਾ ਮਜੀਠਾ ਭਾਰੀ ਮਾਤਰਾ ਵਿੱਚ ਅਲਕੋਹਲ ਅਤੇ ਨਜਾਇਜ਼ ਸ਼ਰਾਬ ਤਿਆਰ ਕਰਕੇ ਸਪਲਾਈ ਕਰਦੇ ਸਨ। ਇਹਨਾਂ ਵੱਲੋਂ ਹੀ ਉਕਤ ਵਿਅਕਤੀਆਂ ਦੀ ਮੌਤ ਦਾ ਕਾਰਨ ਬਣੀ ਜਹਰੀਲੀ ਸ਼ਰਾਬ ਅੱਗੇ ਸਾਹਿਬ ਸਿੰਘ ਉਰਫ ਰਾਈ ਪੁੱਤਰ ਪ੍ਰੀਤਮ ਸਿੰਘ,ਗੁਰਜੰਟ ਉਰਫ ਜੰਟਾ ਪੁੱਤਰ ਸਾਹਿਬ ਸਿੰਘ,ਸਿਕੰਦਰ ਸਿੰਘ ਉਰਫ ਪੱਪੂ ਪੁੱਤਰ ਸਰਬਜੀਤ ਸਿੰਘ ਸਾਰੇ ਵਾਸੀ ਮਰੜੀ ਕਲਾਂ,ਨਿੰਦਰ ਕੌਰ ਪਤਨੀ ਜੀਤਾ,ਪਰਮਜੀਤ ਸਿੰਘ ਉਰਫ ਪੰਮਾ ਪੁੱਤਰ ਬੀਰਾ ਵਾਸੀ ਫਰੀਏਵਾਲ ਅਤੇ ਰਾਜਾ ਪੁੱਤਰ ਤਾਬਾ ਵਾਸੀ ਭੰਗਾਲੀ ਕਲਾਂ ਨੂੰ ਜਹਰੀਲੀ ਸ਼ਰਾਬ ਸਪਲਾਈ ਕੀਤੀ ਗਈ ਸੀ ਜਿਸ ਨੂੰ ਪੀਣ ਨਾਲ ਵਿਅਕਤੀਆਂ ਦੀ ਮੌਤ ਹੋ ਗਈ ਹੈ ਇਹ ਸਬੰਧ ਵਿੱਚ ਪੁਲਿਸ ਥਾਣਾ ਮਜੀਠਾ ਵਿਖੇ ਮੁਕਦਮਾ ਨੰਬਰ 42 ਤਹਿਤ ਐਕਸਾਈਜ ਐਕਟ ਤਹਿਤ ਮੁਕਦਮਾ ਦਰਜ ਕਰਦੇ ਹੋਏ ਪ੍ਰਭਜੀਤ ਸਿੰਘ ਉਰਫ ਬੱਬੂ, ਕੁਲਬੀਰ ਸਿੰਘ ਉਰਫ ਜੱਗੂ,ਸਾਹਿਬ ਸਿੰਘ ਉਰਫ ਰਾਈ, ਗੁਰਜੰਟ ਉਰਫ ਜੰਟਾ,ਸਿਕੰਦਰ ਸਿੰਘ ਉਰਫ ਪੱਪੂ ਅਤੇ ਨਿੰਦਰ ਕੌਰ ਨੂੰ ਗ੍ਰਿਫਤਾਰ ਵੀ ਕਰ ਲਿਆ ਹੈ। ਇਸ ਸਬੰਧ ਵਿੱਚ ਪੁਲਿਸ ਨੇ ਥਾਣਾ ਮਜੀਠਾ ਅਤੇ ਕੱਥੂ ਨੰਗਲ ਵਿਖੇ ਐਕਸਾਈਜ ਐਕਟ ਅਧੀਨ ਮੁਕੱਦਮੇ ਦਰਜ ਕੀਤੇ ਹਨ। ਇਹ ਜਾਣਕਾਰੀ ਜਿਲ੍ਹਾ ਪੁਲਿਸ ਮੁਖੀ ਮਨਿੰਦਰ ਸਿੰਘ ਵੱਲੋਂ ਸਾਂਝੀ ਕੀਤੀ ਗਈ।

ਜਹਰੀਲੀ ਸ਼ਰਾਬ ਦੇ ਚੱਲਦਿਆਂ ਹੋਇਆਂ ਮੌਤਾਂ ਦੇ ਪਰਿਵਾਰਿਕ ਮੈਂਬਰਾਂ ਦੇ ਨਾਲ ਵੱਖ-ਵੱਖ ਪਾਰਟੀਆਂ ਦੇ ਨੇਤਾਵਾਂ ਵੱਲੋਂ ਦੁੱਖ ਜਾਹਿਰ ਕੀਤਾ ਗਿਆ। ਸਾਂਸਦ ਗੁਰਜੀਤ ਸਿੰਘ ਔਜਲਾ,ਹਰਪ੍ਰਤਾਪ ਸਿੰਘ ਬਾਜਵਾ ਤੇ ਹੋਰ ਕਾਂਗਰਸੀ ਨੇਤਾਵਾਂ ਆਪ ਸਰਕਾਰ ਨੂੰ ਘੇਰਿਆ ਗਿਆ। ਇਸ ਦੇ ਨਾਲ ਹੀ ਬਿਕਰਮ ਸਿੰਘ ਮਜੀਠੀਆ ਜਹਰੀਲੀ ਸ਼ਰਾਬ ਦੇ ਨਾਲ ਜਿਨਾਂ ਲੋਕਾਂ ਦੀ ਮੌਤ ਮੰਦਭਾਗੀ ਘਟਨਾ ਹੈ ਅਜਿਹੇ ਕੰਮ ਸਰਕਾਰ ਅਤੇ ਸ਼ਰਾਬ ਦੇ ਠੇਕੇਦਾਰਾਂ ਦੀ ਮਿਲੀ ਭੁਗਤ ਬਗੈਰ ਨਹੀਂ ਹੋ ਸਕਦੇ। ਮਜੀਠੀਆ ਨੇ ਐਕਸਾਈਜ਼ ਵਿਭਾਗ ਅਤੇ ਸਰਕਾਰ ਉੱਪਰ ਕਈ ਸਵਾਲ ਉਠਾਏ।

ਉਕਤ ਘਟਨਾ ਦਾ ਪਤਾ ਚੱਲਦਿਆਂ ਹੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਮੌਕੇ ਤੇ ਪਹੁੰਚੇ ਉਹਨਾਂ ਨੇ ਜਹਰੀਲੀ ਸ਼ਰਾਬ ਨਾਲ 14 ਲੋਕਾਂ ਦੀ ਮੌਤ ਦੀ ਪਸ਼ਟੀ ਕਰਦਿਆਂ ਕਿਹਾ ਕਿ ਐਕਸਾਈਜ਼ ਅਤੇ ਪੁਲਿਸ ਵਿਭਾਗ ਵੱਲੋਂ ਵੱਡਾ ਐਕਸ਼ਨ ਕੀਤਾ ਜਾ ਰਿਹਾ ਹੈ ਮਾਮਲੇ ਵਿੱਚ ਸ਼ਾਮਿਲ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਉਹਨਾਂ ਨੇ ਕਿਹਾ ਕਿ ਅਗਰ ਕਿਸੇ ਹੋਰ ਨੇ ਵੀ ਅਜਿਹੀ ਸ਼ਰਾਬ ਦਾ ਸੇਵਨ ਕੀਤਾ ਹੈ ਹੈ ਤਾਂ ਉਹ ਆਪਣਾ ਚੈੱਕ ਅਪ ਜ਼ਰੂਰ ਕਰਵਾਉਣ ਇਸ ਸਬੰਧੀ ਪਿੰਡਾਂ ਦੇ ਲੋਕਾਂ ਨੂੰ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

# ਹੁਣ 80 ਲੱਖ ਦੀ ਲਾਗਤ ਨਾਲ ਸ਼ਹਿਰ ਦਾ ਦੂਜਾ ਕੂੜਾ ਡੰਪ ਵੀ ਹੋਵੇਗਾ ਖਤਮ: ਮੀਤ ਹੇਅਰ




ਬਰਨਾਲਾ, -

ਬਰਨਾਲਾ ਸ਼ਹਿਰ ਦੇ ਸੁੰਦਰੀਕਰਨ ਕਈ ਕਰੋੜਾਂ ਰੁਪਏ ਦੇ ਪ੍ਰੋਜੈਕਟ ਲਿਆਂਦੇ ਜਾ ਰਹੇ ਹਨ, ਜਿਸ ਤਹਿਤ ਸ਼ਹਿਰ ਦੇ ਦਹਾਕਿਆਂ ਪੁਰਾਣੇ 2 ਵੱਡੇ ਕੂੜਾ ਡੰਪਾਂ ਨੂੰ ਕਰੀਬ 2 ਕਰੋੜ ਦੀ ਲਾਗਤ ਨਾਲ ਖਤਮ ਕੀਤਾ ਜਾ ਰਿਹਾ ਹੈ।

ਇਹ ਪ੍ਰਗਟਾਵਾ ਲੋਕ ਸਭਾ ਮੈਂਬਰ ਸੰਗਰੂਰ ਸ. ਗੁਰਮੀਤ ਸਿੰਘ ਮੀਤ ਹੇਅਰ ਨੇ ਇੱਥੇ ਮੋਗਾ ਰੋਡ ਫਲਾਈਓਵਰ ਨੇੜਲੇ ਦਹਾਕਿਆਂ ਪੁਰਾਣੇ ਮੁੱਖ ਕੂੜਾ ਡੰਪ ਨੂੰ ਖਤਮ ਕਰਨ ਲਈ 79.75 ਲੱਖ ਰੁਪਏ ਦੀ ਲਾਗਤ ਵਾਲੇ ਬਾਇਓ ਰੈਮੀਡੀਏਸ਼ਨ ਪ੍ਰੋਜੈਕਟ ਦੇ ਉਦਘਾਟਨ ਮੌਕੇ ਕੀਤਾ।

ਸ. ਮੀਤ ਹੇਅਰ ਨੇ ਕਿਹਾ ਕਿ ਸ਼ਹਿਰ ਦਾ ਕਈ ਦਹਾਕਿਆਂ ਦਾ ਕੂੜਾ ਇਸ ਡੰਪਿੰਗ ਸਾਈਟ ਤੇ ਲਿਆਂਦਾ ਜਾਂਦਾ ਸੀ ਤੇ ਹੁਣ ਇਸ 20000 ਮੀਟ੍ਰਿਕ ਵਿੱਚ ਟਨ ਕੂੜੇ ਦੇ ਢੇਰ ਨੂੰ ਬਾਇਓ ਰੈਮੀਡੀਏਸ਼ਨ ਪ੍ਰੋਜੈਕਟ ਨਾਲ ਖਤਮ ਕੀਤਾ ਜਾਵੇਗਾ। ਇਸ ਤਹਿਤ ਠੋਸ ਕੂੜੇ ਨੂੰ ਫੈਕਟਰੀਆਂ ਵਿੱਚ ਬਾਲਣ ਲਈ ਵਰਤਿਆ ਜਾਵੇਗਾ ਅਤੇ ਮਿੱਟੀ ਨੂੰ ਨੀਵੀਆਂ ਥਾਵਾਂ ਤੇ ਲੋੜ ਅਨੁਸਾਰ ਵਰਤਿਆ ਜਾਵੇਗਾ। ਉਨ੍ਹਾਂ ਕਿਹਾ ਕਿ ਕਰੀਬ 6 ਮਹੀਨਿਆਂ ਵਿਚ ਇਹ ਪ੍ਰੋਜੈਕਟ ਮੁਕੰਮਲ ਜਾਵੇਗਾ ਜਿਸ ਨਾਲ ਸ਼ਹਿਰ ਦੀ ਸੁੰਦਰੀਕਰਨ ਮੁਹਿੰਮ ਨੂੰ ਹੁਲਾਰਾ ਮਿਲੇਗਾ।

ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ 1.41 ਕਰੋੜ ਦੀ ਲਾਗਤ ਨਾਲ ਅਨਾਜ ਮੰਡੀ ਵਾਲੇ ਕੂੜਾ ਡੰਪ ਦੇ ਨਿਬੇੜੇ ਲਈ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ ਜਿਸ ਦਾ ਕੰਮ ਜਾਰੀ ਹੈ।

# ਫਗਵਾੜਾ ਦੀਆਂ ਅਨਾਜ ਮੰਡੀਆਂ 'ਚ 10.13 ਲੱਖ ਕੁਇੰਟਲ ਕਣਕ ਦੀ ਹੋਈ ਖਰੀਦ - ਹਰਜੀ ਮਾਨ

ਜਲੰਧਰ, - ਸੁਰੱਖਿਆ ਸਥਿਤੀ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਅਤੇ ਨਗਰ ਨਿਗਮ ਦੇ ਕਮਿਸ਼ਨਰ ਗੌਤਮ ਜੈਨ ਵੱਲੋਂ ਅੱਜ ਜ਼ਿਲ੍ਹੇ ਭਰ ਵਿੱਚ ਕਾਨੂੰਨ ਵਿਵਸਥਾ ਦੇ ਪ੍ਰਬੰਧਾਂ ਦੀ ਸਮੀਖਿਆ ਲਈ ਇੰਟੈਗ੍ਰੇਟਿਡ ਕਮਾਂਡ ਤੇ ਕੰਟਰੋਲ ਸੈਂਟਰ(ਆਈ.ਸੀ.ਸੀ.ਸੀ) ਵਿਖੇ ਇੱਕ ਉੱਚ ਪੱਧਰੀ ਮੀਟਿੰਗ ਕੀਤੀ ਗਈ।



ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਡਾ. ਅਗਰਵਾਲ ਨੇ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵਲੋਂ ਵਸਨੀਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਦੁਹਰਾਈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਇੰਟੈਗ੍ਰੇਟਿਡ ਕਮਾਂਡ ਤੇ ਕੰਟਰੋਲ ਸੈਂਟਰ ਰਾਹੀਂ ਜ਼ਿਲ੍ਹੇ 'ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ ਅਤੇ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਹੈ। ਨਾਗਰਿਕ ਕਿਸੇ ਵੀ ਸ਼ੱਕੀ ਡ੍ਰੋਨ ਗਤੀਵਿਧੀ ਜਾਂ ਹੋਰ ਮੁੱਦਿਆਂ ਸਬੰਧੀ ਜਾਣਕਾਰੀ ਦੇਣ ਲਈ ਕੰਟਰੋਲ ਰੂਮ ਦੇ ਨੰਬਰ 0181-2224417 ਤੇ ਸੰਪਰਕ ਕਰ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਚੌਕਸ ਰਹਿਣ ਅਤੇ ਸਾਰੇ ਸੁਰੱਖਿਆ ਪ੍ਰੋਟੋਕੋਲ, ਖਾਸ ਕਰ ਜਨਤਕ ਸੁਰੱਖਿਆ ਲਈ ਜਾਰੀ ਬਲੈਕਆਊਟ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬੇਲੋੜੀ ਆਵਾਜਾਈ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਆਪਣੇ ਘਰਾਂ ਦੇ ਅੰਦਰ ਰਹਿਣਾ ਚਾਹੀਦਾ ਹੈ। ਉਨ੍ਹਾਂ ਗਲਤ ਜਾਣਕਾਰੀ ਫੈਲਾਉਣ ਵਿਰੁੱਧ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸੋਸ਼ਲ ਮੀਡੀਆ ਪਲੇਟਫਾਰਮਾਂ ਤੇ ਨੇੜਿਓਂ ਨਜ਼ਰ ਰੱਖੀ ਜਾ ਰਹੀ ਹੈ ਅਤੇ ਫੇਕ ਨਿਊਜ਼ ਫੈਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਵਸਨੀਕਾਂ ਨੂੰ ਘਬਰਾਹਟ ਵਿੱਚ ਖ਼ਰੀਦਦਾਰੀ ਕਰਨ ਤੋਂ ਬਚਣ ਦੀ ਅਪੀਲ ਕਰਨ ਦੇ ਨਾਲ-ਨਾਲ ਅਧਿਕਾਰੀਆਂ ਨੂੰ ਜਮ੍ਹਾਖੋਰੀ ਅਤੇ ਕਾਲਾਬਾਜ਼ਾਰੀ ਤੇ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ।

ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਭਰੋਸਾ ਦਿੱਤਾ ਕਿ ਸ਼ਹਿਰ ਦੀ ਸੁਰੱਖਿਆ ਲਈ ਪੁਲਿਸ ਟੀਮਾਂ ਸਰਗਰਮੀ ਨਾਲ ਤਾਇਨਾਤ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਐਮਰਜੈਂਸੀ ਦੀ ਸੂਚਨਾ ਦੇਣ ਲਈ ਨਾਗਰਿਕ 112 ਨੰਬਰ 'ਤੇ ਸੰਪਰਕ ਕਰ ਸਕਦੇ ਹਨ ਅਤੇ ਉਨ੍ਹਾਂ ਅਮਨ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਜਨਤਕ ਸਹਿਯੋਗ ਦੀ ਅਪੀਲ ਵੀ ਕੀਤੀ।

ਸਿਵਲ ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਦੇ ਸਾਂਝੇ ਯਤਨ ਪੰਜਾਬ ਸਰਕਾਰ ਦੀ ਸਥਿਤੀ ਨੂੰ ਸਰਗਰਮੀ ਨਾਲ ਸੰਭਾਲਣ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੇ ਹਨ, ਜਿਸ ਨਾਲ ਜਨਤਕ ਹਿੱਤਾਂ ਦੀ ਰਾਖੀ ਕਰਦਿਆਂ ਕਾਨੂੰਨ ਵਿਵਸਥਾ ਵੀ ਬਰਕਰਾਰ ਰਹੇ।

# ਬਾਗ ਕਲੋਨੀ ਚ ਟ੍ਰਾਂਸਫਾਰਮਰ ਨੂੰ ਲੱਗੀ ਭਿਆਨਕ ਅੱਗ



ਤਪਾ ਮੰਡੀ-ਬੀਤੀ ਰਾਤ ਬਾਗ ਕਲੋਨੀ ਚ ਇੱਕ ਟਰਾਂਸਫਾਰਮਰ ਨੂੰ ਭਿਆਨਕ ਅੱਗ ਲੱਗ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰੰਤੂ ਸਮਾਂ ਰਹਿੰਦੇ ਹੀ ਫਾਇਰ ਬ੍ਰਿਗੇਡ ਕਰਮਚਾਰੀਆਂ ਵੱਲੋਂ ਅੱਗ ਤੇ ਕਾਬੂ ਪਾ ਲਿਆ ਗਿਆ ਅਤੇ ਵੱਡਾ ਹਾਦਸਾ ਹੋਣ ਤੋਂ ਬਚਾਅ ਰਹਿ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਾਰਡ ਨੰਬਰ 4 ਦੇ ਕੌਂਸਲਰ ਧਰਮਪਾਲ ਸ਼ਰਮਾ ਨੇ ਦੱਸਿਆ ਕਿ ਬਾਗ ਕਲੋਨੀ ਚ ਇੱਕ 100 ਕੇ.ਵੀ ਦਾ ਟਰਾਂਸਫਾਰਮਰ ਜੋ ਕਾਫੀ ਪੁਰਾਣਾ ਹੈ, ਜਿਸ ਤੇ ਬਿਜਲੀ ਦਾ ਲੋਡ ਜਿਆਦਾ ਹੈ ਅਤੇ ਗਰਮੀਆਂ ਦੇ ਦਿਨਾਂ ਵਿਚ ਇਹ ਟ੍ਰਾਂਸਫਾਰਮਰ ਕਈ ਵਾਰ ਮੱਚ ਜਾਂਦਾ ਹੈ।ਜਿਸ ਕਾਰਨ ਕਲੋਨੀ ਵਾਸੀਆਂ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜਦ ਕਿ ਉਹ ਕਈ ਵਾਰ ਇਸ ਸਬੰਧੀ ਬਿਜਲੀ ਵਿਭਾਗ ਦੇ ਕਰਮਚਾਰੀਆਂ ਨੂੰ ਜਾਣੂ ਕਰਵਾ ਚੁੱਕੇ ਹਨ। ਪ੍ਰੰਤੂ ਅਜੇ ਤੱਕ ਇਸ ਟ੍ਰਾਂਸਫਾਰਮਰ ਦਾ ਲੋਡ ਨਹੀਂ ਵਧਾਇਆ ਗਿਆ। ਉਹਨਾਂ ਦੱਸਿਆ ਕਿ ਬੀਤੀ ਰਾਤ ਅਚਾਨਕ ਇਸੇ ਟਰਾਂਸਫਾਰਮਰ ਚ ਅੱਗ ਲੱਗ ਗਈ, ਜਿਸਨੇ ਵਿਕਰਾਲ ਰੂਪ ਧਾਰਨ ਕਰ ਲਿਆ ਦਾ ਪਤਾ ਲੱਗਦੇ ਹੀ ਤੁਰੰਤ ਇਸਦੀ ਸੂਚਨਾ ਫਾਇਰ ਬ੍ਰਿਗੇਡ ਕਰਮਚਾਰੀਆਂ ਨੂੰ ਦਿੱਤੀ, ਜਿੰਨਾ ਮੌਕੇ ਤੇ ਪਹੁੰਚ ਕੇ ਸਮਾਂ ਰਹਿੰਦੇ ਅੱਗ ਤੇ ਕਾਬੂ ਪਾਇਆ ਅਤੇ ਵੱਡਾ ਹਾਦਸਾ ਹੋਣ ਤੋਂ ਬਚਾਅ ਰਹਿ ਗਿਆ। ਸਮੂਹ ਵਾਰਡ ਵਾਸੀਆਂ ਨੇ ਪਾਵਰਕਾਮ ਅਧਿਕਾਰੀਆਂ ਤੋਂ ਮੰਗ ਕਰਦਿਆਂ ਕਿਹਾ ਕਿ ਇਸ ਟ੍ਰਾਂਸਫਾਰਮਰ ਦਾ ਲੋਡ ਵਧਾਇਆ ਜਾਵੇ ਤਾਂ ਜੋ ਉਹਨਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਨਾ ਕਰਨਾ ਪਵੇ।

# ਡਿਪਟੀ ਕਮਿਸ਼ਨਰ ਵੱਲੋਂ ਨਾਗਰਿਕਾਂ ਨੂੰ ਸੰਜਮ ਨਾਲ ਖ਼ਰੀਦਦਾਰੀ ਕਰਨ ਦੀ ਅਪੀਲ

ਜਲੰਧਰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਨਾਗਰਿਕਾਂ ਨੂੰ ਸੰਜਮ ਨਾਲ ਅਤੇ ਸੋਚ-ਵਿਚਾਰ ਕੇ ਖ਼ਰੀਦਦਾਰੀ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਘਬਰਾਹਟ ਵਿੱਚ ਆ ਕੇ ਧੜਾਧੜ ਖ਼ਰੀਦਦਾਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਮੁਤਾਬਕ ਕਿਸੇ ਵੀ ਤਰ੍ਹਾਂ ਦੇ ਐਮਰਜੈਂਸੀ ਹਾਲਾਤ ਦਾ ਸਾਹਮਣਾ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੇ ਨਾਲ ਖੜ੍ਹਾ ਹੈ।

ਡਾ. ਅਗਰਵਾਲ ਨੇ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਡਰਨ ਜਾਂ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਐਮਰਜੈਂਸੀ ਹਾਲਾਤ ਦੌਰਾਨ ਪੰਜਾਬ ਸਰਕਾਰ ਵੱਲੋਂ ਜਨਤਾ ਨੂੰ ਹਰ ਪ੍ਰਕਾਰ ਦੀ ਸਹਾਇਤਾ ਤੇ ਸਹਿਯੋਗ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਲੰਧਰ ਪ੍ਰਸ਼ਾਸਨ ਕਿਸੇ ਵੀ ਤਰ੍ਹਾਂ ਦੇ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ।

ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਜ਼ਰੂਰੀ ਵਸਤਾਂ ਸਮੇਤ ਕਿਸੇ ਵੀ ਚੀਜ਼ ਦੀ ਜਮ੍ਹਾਖੋਰੀ ਬਿਲਕੁੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਜਮ੍ਹਾਖੋਰੀ ਜਾਂ ਕਾਲਾਬਾਜ਼ਾਰੀ ਕਰਦਾ ਪਾਇਆ ਗਿਆ, ਤਾਂ ਉਸ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਡੀ.ਐਫ.ਐਸ.ਸੀ. ਨੂੰ ਜਮ੍ਹਾਖੋਰੀ 'ਤੇ ਸਖ਼ਤ ਨਿਗਰਾਨੀ ਰੱਖਣ ਅਤੇ ਗਲਤ ਇਰਾਦੇ ਨਾਲ ਥੋਕ ਵਿੱਚ ਖ਼ਰੀਦਦਾਰੀ ਕਰਨ ਵਾਲਿਆਂ ਦੀ ਸੂਚੀ ਤਿਆਰ ਕਰਕੇ ਪ੍ਰਸ਼ਾਸਨ ਨਾਲ ਸਾਂਝੀ ਕਰਨ ਦੇ ਨਿਰਦੇਸ਼ ਵੀ ਦਿੱਤੇ।

ਇਸਦੇ ਨਾਲ ਹੀ, ਡਿਪਟੀ ਕਮਿਸ਼ਨਰ ਨੇ ਨਾਗਰਿਕਾਂ ਨੂੰ ਭਵਿੱਖ ਵਿੱਚ ਹੋਣ ਵਾਲੀ ਮੌਕ ਡਰਿੱਲ ਦੀ ਪੂਰੀ ਗੰਭੀਰਤਾ ਨਾਲ ਪਾਲਣਾ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਮੌਕ ਡਰਿੱਲ ਘੱਟ ਸਮੇਂ ਲਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬਲੈਕ ਆਊਟ ਡਰਿੱਲ ਦੌਰਾਨ ਲਾਈਟ ਬੰਦ ਕਰ ਦਿੱਤੀ ਜਾਵੇਗੀ ਅਤੇ ਟ੍ਰੈਫਿਕ ਲਾਈਟਾਂ ਵੀ ਬੰਦ ਰਹਿਣਗੀਆਂ। ਉਨ੍ਹਾਂ ਅਪੀਲ ਕੀਤੀ ਕਿ ਇਸ ਦੌਰਾਨ ਆਪਣੇ ਘਰਾਂ ਵਿੱਚ ਇਨਵਰਟਰ ਜਾਂ ਜਨਰੇਟਰ ਬੰਦ ਰੱਖੇ ਜਾਣ। ਜੇਕਰ ਕਿਸੇ ਵਜ੍ਹਾ ਕਾਰਨ ਇਹ ਚਲਾਉਣੇ ਵੀ ਹਨ ਤਾਂ ਇਸ ਤਰ੍ਹਾਂ ਚਲਾਏ ਜਾਣ ਕਿ ਰੌਸ਼ਨੀ ਖਿੜਕੀਆਂ ਦਰਵਾਜ਼ਿਆਂ ਵਿੱਚੋਂ ਬਾਹਰ ਨਾ ਜਾਵੇ। ਉਨ੍ਹਾਂ ਕਿਹਾ ਕਿ ਇਸ ਦੌਰਾਨ ਵਾਹਨਾਂ 'ਤੇ ਗੈਰ-ਜ਼ਰੂਰੀ ਸਫ਼ਰ ਤੋਂ ਗੁਰੇਜ਼ ਕੀਤਾ ਜਾਵੇ ਅਤੇ ਜੇਕਰ ਕੋਈ ਵਾਹਨ ਸੜਕ 'ਤੇ ਜਾ ਰਿਹਾ ਹੈ ਤਾਂ ਉਸਦੀਆਂ ਲਾਈਟਾਂ ਬੰਦ ਕਰਕੇ ਉਸ ਨੂੰ ਸੜਕ ਦੇ ਕਿਨਾਰੇ ਰੋਕ ਲਿਆ ਜਾਵੇ।

ਡਾ. ਅਗਰਵਾਲ ਨੇ ਕਿਹਾ ਕਿ ਜੇਕਰ ਬਿਨਾਂ ਮੌਕ ਡਰਿੱਲ ਦੀ ਅਨਾਊਂਸਮੈਂਟ ਤੋਂ ਵੀ ਸਾਇਰਨ ਦੀ ਆਵਾਜ਼ ਸੁਣਾਈ ਦਿੰਦੀ ਹੈ ਤਾਂ ਤੁਰੰਤ ਮੌਕ ਡਰਿੱਲ ਦੌਰਾਨ ਕੀਤੇ ਅਭਿਆਸ ਨੂੰ ਅਮਲ ਵਿੱਚ ਲਿਆਂਦਾ ਜਾਵੇ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਫ਼ਵਾਹਾਂ ਤੋਂ ਬਚਣ ਦੀ ਸਲਾਹ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਲੋਕ ਹਿੱਤ ਵਿੱਚ ਜਾਰੀ ਐਡਵਾਈਜ਼ਰੀ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਸ਼ਰਾਰਤੀ ਅਨਸਰ ਅਫ਼ਵਾਹ ਫੈਲਾਉਂਦਾ ਪਾਇਆ ਗਿਆ, ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।



ਉਧਰ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਡੀ.ਐਫ.ਐਸ.ਸੀ. ਨਰਿੰਦਰ ਸਿੰਘ ਵੱਲੋਂ ਡੀ. ਮਾਰਟ ਸਮੇਤ ਵੱਖ-ਵੱਖ ਸਟੋਰਾਂ ਦਾ ਦੌਰਾ ਕੀਤਾ ਗਿਆ। ਉਨ੍ਹਾਂ ਪ੍ਰਬੰਧਕਾਂ ਨੂੰ ਵਿਅਕਤੀਗਤ ਲੋਕਾਂ ਨੂੰ ਥੋਕ ਵਿੱਚ ਸਾਮਾਨ ਨਾ ਵੇਚਣ ਅਤੇ ਗਾਹਕਾਂ ਨੂੰ ਵੀ ਬਿਨਾਂ ਲੋੜ ਤੋਂ ਥੋਕ ਵਿੱਚ ਖ਼ਰੀਦਦਾਰੀ ਨਾ ਕਰਨ ਲਈ ਪ੍ਰੇਰਿਤ ਕਰਨ ਲਈ ਕਿਹਾ। ਡੀ.ਐਫ.ਐਸ.ਸੀ. ਨੇ ਦੱਸਿਆ ਕਿ ਸਟੋਰ ਵਿੱਚ ਨਿਯਮਿਤ ਤੌਰ 'ਤੇ ਘੋਸ਼ਣਾਵਾਂ ਵੀ ਕਰਵਾਈਆਂ ਜਾ ਰਹੀਆਂ ਹਨ ਕਿ ਨਿਯਮਿਤ ਲੋੜ ਮੁਤਾਬਕ ਹੀ ਸਾਮਾਨ ਖਰੀਦਿਆ ਜਾਵੇ।

# ਸ਼ਿਵਾਲਿਕ ਪਬਲਿਕ ਸਕੂਲ ਦਾ ਸੀ.ਬੀ.ਐਸ. ਈ ਬਾਰਵੀਂ ਦਾ ਨਤੀਜਾ ਸ਼ਾਨਦਾਰ ਰਿਹਾ




ਤਪਾ ਮੰਡੀ,-ਸੀ. ਬੀ. ਐਸ. ਈ. ਬੋਰਡ ਵਲੋਂ ਐਲਾਨੇ ਗਏ ਬਾਰਵੀਂ ਜਮਾਤ ਦੇ ਨਤੀਜੇ ਵਿਚ ਸਥਾਨਕ ਸ਼ਿਵਾਲਿਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਤਪਾ ਦਾ ਨਤੀਜਾ ਸਟਾਫ਼ ਅਤੇ ਬੱਚਿਆਂ ਦੀ ਮਿਹਨਤ ਸਦਕਾ ਇਸ ਵਾਰ ਵੀ 100 ਫੀਸਦੀ ਰਿਹਾ। ਬੱਚਿਆਂ ਨੇ ਵਧੀਆ ਅੰਕ ਪ੍ਰਾਪਤ ਕਰਕੇ ਇਲਾਕੇ ਵਿਚ ਸੰਸਥਾ ਅਤੇ ਮਾਪਿਆਂ ਦਾ ਨਾਂਅ ਰੋਸ਼ਨ ਕੀਤਾ। ਇਸ ਦੌਰਾਨ ਸਾਇੰਸ ਸਟਰੀਮ ਵਿਚੋਂ ਹਕੀਕਤ ਪੁੱਤਰੀ ਗੁਰਮੁਖ ਸਿੰਘ ਨੇ 95.2 ਅੰਕ,ਨਿਸ਼ਿਤਾ ਪੁੱਤਰੀ ਅਸ਼ੋਕ ਕੁਮਾਰ ਨੇ 93.8 ਫ਼ੀਸਦੀ ਅੰਕ, ਲਕਸ਼ਿਤ ਜੈਨ ਪੁੱਤਰ ਹਰੀਸ਼ ਕੁਮਾਰ ਨੇ 92.4 ਫ਼ੀਸਦੀ ਅੰਕ ਹਾਸਿਲ ਕੀਤੇ। ਜਦ ਕਿ ਜਸਪ੍ਰੀਤ ਕੌਰ ਪੁੱਤਰੀ ਗੁਰਮੀਤ ਸਿੰਘ ਨੇ (ਆਰਟਸ ਸਟਰੀਮ) 93 ਫ਼ੀਸਦੀ ਅੰਕ ਪ੍ਰਾਪਤ ਕੀਤੇ,ਗੁਰਪ੍ਰੀਤ ਕੌਰ ਪੁੱਤਰੀ ਗੁਰਚਰਨ ਸਿੰਘ (ਆਰਟਸ ਸਟਰੀਮ ) ਵਿਚੋਂ 87.2 ਅੰਕ ਪ੍ਰਾਪਤ ਕੀਤੇ। ਸੰਦੀਪ ਕੌਰ ਪੁੱਤਰੀ ਗੁਰਸੇਵਕ ਸਿੰਘ ਨੇ 88.4 (ਕਾਮਰਸ ਸਟਰੀਮ ਵਿਚੋਂ )ਅੰਕ ਪ੍ਰਾਪਤ ਕੀਤੇ, ਸਤਵੀਰ ਕੌਰ ਪੁੱਤਰੀ ਹਰਪ੍ਰੀਤ ਸਿੰਘ ਨੇ 88 ਫ਼ੀਸਦੀ (ਕਾਮਰਸ ਸਟਰੀਮ)ਵਿਚੋਂ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ। ਇਸਤੋਂ ਇਲਾਵਾ ਬਾਕੀ ਵਿਦਿਆਰਥੀਆਂ ਨੇ ਵੀ ਵਧੀਆ ਅੰਕ ਪ੍ਰਾਪਤ ਕੀਤੇ। ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਮੋਨਿਕਾ ਗਰਗ, ਸਮੂਹ ਅਧਿਆਪਕਾਂ ਅਤੇ

ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਵਲੋਂ ਅੱਵਲ ਆਏ ਸਫਲ ਹੋਏ ਸਾਰੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।